SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 99 | Tuesday, 24 June 2025 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਅਮਰੀਕਾ ਵੱਲੋਂ ਈਰਾਨ ਹਮਲਿਆਂ 'ਤੇ ਮਾਰਕ ਕਾਰਨੀ ਦੀ ਪ੍ਰਤੀਕਿਰਿਆ, ਕਿਹਾ- ਦੋਨੋਂ ਦੇਸ਼ ਆਪਸ 'ਚ ਬੈਠ ਕੇ ਕਰਨ ਗੱਲਬਾਤ





ਓਟਵਾ, 23 ਜੂਨ (ਪੋਸਟ ਬਿਊਰੋ): ਸ਼ਨੀਵਾਰ ਰਾਤ ਈਰਾਨ 'ਤੇ ਅਮਰੀਕੀ ਹਮਲਿਆਂ ਤੋਂ ਬਾਅਦ, ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਧਿਰਾਂ ਨੂੰ ਤੁਰੰਤ ਗੱਲਬਾਤ ਦੀ ਮੇਜ਼ 'ਤੇ ਵਾਪਿਸ ਆਉਣ ਅਤੇ ਮੱਧ ਪੂਰਬ ਵਿੱਚ ਦੁਸ਼ਮਣੀ ਨੂੰ ਘਟਾਉਣ ਲਈ ਕਿਹਾ ਹੈ। ਉਨ੍ਹਾਂ ਕਿਹਾ ਕਿ ਈਰਾਨ ਦਾ ਪ੍ਰਮਾਣੂ ਪ੍ਰੋਗਰਾਮ ਅੰਤਰਰਾਸ਼ਟਰੀ ਸੁਰੱਖਿਆ ਲਈ ਇੱਕ ਗੰਭੀਰ ਖ਼ਤਰਾ ਹੈ ਅਤੇ ਕੈਨੇਡਾ ਲਗਾਤਾਰ ਸਪੱਸ਼ਟ ਰਿਹਾ ਹੈ ਕਿ ਈਰਾਨ ਨੂੰ ਕਦੇ ਵੀ ਪ੍ਰਮਾਣੂ ਹਥਿਆਰ ਵਿਕਸਤ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਜਦੋਂਕਿ ਬੀਤੀ ਰਾਤ ਕੀਤੀ ਗਈ ਅਮਰੀਕੀ ਫੌਜੀ ਕਾਰਵਾਈ ਉਸ ਖਤਰੇ ਨੂੰ ਘਟਾਉਣ ਲਈ ਤਿਆਰ ਕੀਤੀ ਗਈ ਸੀ, ਮੱਧ ਪੂਰਬ ਵਿੱਚ ਸਥਿਤੀ ਬਹੁਤ ਅਸਥਿਰ ਬਣੀ ਹੋਈ ਹੈ। ਖੇਤਰ ਵਿੱਚ ਸਥਿਰਤਾ ਇੱਕ ਤਰਜੀਹ ਹੈ।

ਈਰਾਨ 'ਤੇ ਰਾਤ ਭਰ ਕੀਤੇ ਗਏ ਹਮਲੇ ਇਜ਼ਰਾਈਲ ਅਤੇ ਈਰਾਨ ਵਿਚਕਾਰ ਇੱਕ ਹਫ਼ਤੇ ਦੇ ਹਮਲਿਆਂ ਤੋਂ ਬਾਅਦ ਹੋਏ ਅਤੇ ਈਰਾਨ ਦੇ ਅਮੀਰ ਪ੍ਰਮਾਣੂ ਸਮੱਗਰੀ ਪੈਦਾ ਕਰਨ ਦੇ ਯਤਨਾਂ ਬਾਰੇ ਸੰਯੁਕਤ ਰਾਜ ਅਮਰੀਕਾ ਨਾਲ ਰੁਕੀ ਹੋਈ ਗੱਲਬਾਤ ਦੇ ਵਿਚਕਾਰ ਹੋਏ। ਸ਼ਨੀਵਾਰ ਨੂੰ ਇੱਕ ਸੰਬੋਧਨ ਵਿੱਚ ਟਰੰਪ ਨੇ ਕਿਹਾ ਕਿ ਹਮਲਿਆਂ ਦਾ ਟੀਚਾ ਈਰਾਨ ਦੀ ਪ੍ਰਮਾਣੂ ਸੋਧ ਸਮਰੱਥਾ ਨੂੰ ਤਬਾਹ ਕਰਨਾ ਅਤੇ ਪ੍ਰਮਾਣੂ ਖਤਰੇ ਨੂੰ ਰੋਕਣਾ ਸੀ।

ਟਰੰਪ ਨੇ ਅੱਗੇ ਕਿਹਾ ਕਿ ਸਹੂਲਤਾਂ ਪੂਰੀ ਤਰ੍ਹਾਂ ਮਿਟ ਗਈਆਂ ਹਨ ਪਰ ਚਿਤਾਵਨੀ ਦਿੱਤੀ ਕਿ ਜੇਕਰ ਈਰਾਨ ਸ਼ਾਂਤੀ ਬਣਾਉਣ ਵਿੱਚ ਅਸਫਲ ਰਹਿੰਦਾ ਹੈ, ਤਾਂ ਹੋਰ ਵਿਨਾਸ਼ਕਾਰੀ ਹਮਲੇ ਹੋ ਸਕਦੇ ਹਨ।

## ਟੋਰਾਂਟੋ ਵਿੱਚ ਛੁਰੇਬਾਜ਼ੀ ਦੇ ਸਬੰਧ ਵਿੱਚ ਲੋੜੀਂਦਾ ਵਿਅਕਤੀ ਗ੍ਰਿਫਤਾਰ



ਟੋਰਾਂਟੋ, 23 ਜੂਨ (ਪੋਸਟ ਬਿਊਰੋ): ਪੁਲਿਸ ਨੇ ਇੱਕ ਹਫ਼ਤੇ ਦੀ ਭਾਲ ਤੋਂ ਬਾਅਦ ਸ਼ਹਿਰ ਦੇ ਪੂਰਬੀ ਸਿਰੇ 'ਤੇ ਇੱਕ 35 ਸਾਲਾ ਵਿਅਕਤੀ ਨੂੰ ਘਾਤਕ ਛੁਰੇਬਾਜ਼ੀ ਦੇ ਸਬੰਧ ਵਿੱਚ ਗ੍ਰਿਫਤਾਰ ਕੀਤਾ ਹੈ। ਪੁਲਿਸ ਦਾ ਕਹਿਣਾ ਹੈ ਕਿ 24 ਸਾਲਾ ਐਂਥਨੀ ਸਟੀਵਨ ਓਲੀਵੀਰਾ, ਜਿਸਦਾ ਕੋਈ ਪੱਕਾ ਪਤਾ ਨਹੀਂ ਸੀ, ਨੂੰ ਗ੍ਰਿਫਤਾਰ ਕਰ ਲਿਆ ਗਿਆ ਅਤੇ ਫਸਟ ਡਿਗਰੀ ਕਤਲ ਦੇ ਇੱਕ ਮਾਮਲੇ ਵਿੱਚ ਚਾਰਜ ਕੀਤਾ ਗਿਆ।

ਨਿਆਗਰਾ ਖੇਤਰੀ ਪੁਲਿਸ ਸੇਵਾ ਦੇ ਅਧਿਕਾਰੀਆਂ ਨੇ ਐਤਵਾਰ ਨੂੰ ਨਿਆਗਰਾ ਫਾਲਸ ਵਿੱਚ ਫਾਲਸ ਐਵੇਨਿਊ ਅਤੇ ਕਲਿਫਟਨ ਹਿੱਲ ਦੇ ਨੇੜੇ ਓਲੀਵੀਰਾ ਨੂੰ ਲੱਭਿਆ ਅਤੇ ਗ੍ਰਿਫ਼ਤਾਰ ਕੀਤਾ। ਛੁਰੇਬਾਜ਼ੀ ਦੀ ਇਹ ਘਟਨਾ 17 ਜੂਨ ਨੂੰ ਰਾਤ 11 ਵਜੇ ਦੇ ਕਰੀਬ ਡੈਨਫੋਰਥ ਐਵੇਨਿਊ ਅਤੇ ਕੌਕਸਵੈੱਲ ਐਵੇਨਿਊ ਦੇ ਨੇੜੇ ਇੱਕ ਪਲਾਜ਼ਾ ਦੇ ਪਿੱਛੇ ਹੋਈ। ਪੀੜਤ ਅਸ਼ਕਨ ਪੌਰਨਾਸਿਰ-ਰੌਡਬੇਨ, ਦੋ ਵਿਅਕਤੀਆਂ ਵਿਚਕਾਰ ਕਥਿਤ ਝਗੜੇ ਤੋਂ ਬਾਅਦ ਛੁਰੇਬਾਜ਼ੀ ਵਿਚ ਜ਼ਖ਼ਮੀ ਹੋ ਗਿਆ ਸੀ। ਉਸਨੂੰ ਹਸਪਤਾਲ ਲਿਜਾਇਆ ਗਿਆ, ਜਿੱਥੇ ਥੋੜ੍ਹੀ ਦੇਰ ਬਾਅਦ ਉਸਦੀ ਮੌਤ ਹੋ ਗਈ। ਪੌਰਨਾਸਿਰ-ਰਾਉਡਬੇਨ 2025 ਦਾ ਟੋਰਾਂਟੋ ਦਾ 16ਵਾਂ ਕਤਲ ਪੀੜਤ ਸੀ।

## ਸਾਬਕਾ ਕੈਬਨਿਟ ਮੰਤਰੀ ਜੌਨ ਮੈਕਕੈਲਮ ਦਾ 75 ਸਾਲ ਦੀ ਉਮਰ 'ਚ ਦਿਹਾਂਤ

### ਸਿਆਸੀ ਨੇਤਾਵਾਂ ਨੇ ਕੀਤਾ ਦੁੱਖ ਪ੍ਰਗਟ



ਓਟਵਾ, 23 ਜੂਨ (ਪੋਸਟ ਬਿਊਰੋ): ਸਾਬਕਾ ਲਿਬਰਲ ਕੈਬਨਿਟ ਮੰਤਰੀ ਅਤੇ ਓਂਟਾਰੀਓ ਦੇ ਸੰਸਦ ਮੈਂਬਰ ਜੌਨ ਮੈਕਕੈਲਮ ਦਾ 75 ਸਾਲ ਦੀ ਉਮਰ ਵਿਚ ਦੇਹਾਂਤ ਹੋ ਗਿਆ। ਇਹ ਗੱਲ ਉਨ੍ਹਾਂ ਦੇ ਪਰਿਵਾਰ ਵੱਲੋਂ ਐਤਵਾਰ ਨੂੰ ਸੋਸ਼ਲ ਮੀਡੀਆ 'ਤੇ ਪੋਸਟ ਕੀਤੇ ਗਏ ਇੱਕ ਬਿਆਨ ਵਿਚ ਕਹੀ ਗਈ। ਉਨ੍ਹਾਂ ਲਿਖਿਆ ਕਿ ਦੁੱਖ ਨਾਲ ਭਰੇ ਦਿਲਾਂ ਨਾਲ, ਅਸੀਂ ਜੌਨ ਮੈਕਕੈਲਮ ਦੇ ਦਿਹਾਂਤ ਦੀ ਖ਼ਬਰ ਨੂੰ ਸਾਂਝਾ ਕਰ ਰਹੇ ਹਾਂ। ਉਹ 21 ਜੂਨ, 2025 ਨੂੰ ਅਕਾਲ ਚਲਾਣਾ ਕਰ ਗਏ।

ਮੈਕਕੈਲਮ ਨੇ 2000 ਤੋਂ 2015 ਤੱਕ ਮਾਰਖਮ, ਓਂਟਾਰੀਓ ਖੇਤਰ ਲਈ ਸੰਸਦ ਮੈਂਬਰ ਵਜੋਂ ਸੇਵਾ ਨਿਭਾਈ, ਅਤੇ ਇਮੀਗ੍ਰੇਸ਼ਨ, ਰੱਖਿਆ ਅਤੇ ਰਾਸ਼ਟਰੀ ਮਾਲੀਆ ਸਮੇਤ ਕਈ ਕੈਬਨਿਟ ਪੋਰਟਫੋਲੀਓ ਵਿੱਚ ਸੇਵਾ ਨਿਭਾਈ। ਰਾਜਨੀਤਿਕ ਨੇਤਾਵਾਂ ਨੇ ਮੈਕਕੈਲਮ ਲਈ ਆਪਣੀ ਸੰਵੇਦਨਾ ਪ੍ਰਗਟ ਕਰਨ ਲਈ ਸੋਸ਼ਲ ਮੀਡੀਆ ਦਾ ਸਹਾਰਾ ਲਿਆ।

ਪ੍ਰਧਾਨ ਮੰਤਰੀ ਮਾਰਕ ਕਾਰਨੀ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਆਪਣੀ ਸੰਵੇਦਨਾ ਪ੍ਰਗਟ ਕਰਦਿਆਂ ਮੈਕਕੈਲਮ ਨੂੰ ਇੱਕ ਪ੍ਰੇਰਨਾ, ਇੱਕ ਸਲਾਹਕਾਰ ਅਤੇ ਇੱਕ ਦੋਸਤ ਕਿਹਾ। ਕਾਰਨੀ ਨੇ ਮੈਕਕੈਲਮ ਦੇ ਜਨਤਕ ਸੇਵਾ, ਕੂਟਨੀਤੀ ਅਤੇ ਅਕਾਦਮਿਕ ਖੇਤਰ ਵਿੱਚ ਯੋਗਦਾਨ ਦੀ ਵੀ ਪ੍ਰਸ਼ੰਸਾ ਕੀਤੀ ਤੇ ਕਿਹਾ ਕਿ ਉਨ੍ਹਾਂ ਨੇ ਕੈਨੇਡਾ ਨੂੰ ਵੱਡੀਆਂ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰਨ ਵਿੱਚ ਮਦਦ ਕੀਤੀ।

ਮੈਕਕੈਲਮ ਨੇ 2017 ਤੋਂ 2019 ਤੱਕ ਚੀਨ ਵਿੱਚ ਕੈਨੇਡਾ ਦੇ ਰਾਜਦੂਤ ਵਜੋਂ ਵੀ ਸੇਵਾ ਨਿਭਾਈ। ਸਾਬਕਾ ਪ੍ਰਧਾਨ ਮੰਤਰੀ ਜਸਟਿਨ ਟਰੂਡੋ ਨੇ ਐਤਵਾਰ ਦੁਪਹਿਰ ਨੂੰ ਇੱਕ ਸੋਸ਼ਲ ਮੀਡੀਆ ਬਿਆਨ ਵਿੱਚ ਕਿਹਾ ਕਿ ਮੈਨੂੰ ਆਪਣੇ ਦੋਸਤ ਜੌਨ ਮੈਕਕੈਲਮ ਦੇ ਦੇਹਾਂਤ ਬਾਰੇ ਜਾਣ ਕੇ ਬਹੁਤ ਦੁੱਖ ਹੋਇਆ। ਉਨ੍ਹਾਂ ਨੇ ਦੇਸ਼ ਨੂੰ ਇਸਦੇ ਕੁਝ ਸਭ ਤੋਂ ਚੁਣੌਤੀਪੂਰਨ ਸਮੇਂ ਵਿੱਚੋਂ ਲੰਘਣ ਵਿੱਚ ਮਦਦ ਕੀਤੀ।

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
416 938 4598

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

ਨਵਾਂ ਘਾਹ ਲਵਾਉ | 647-784-1213
www.aaalandscaping.ca
ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
ਨਵਾਂ ਘਾਹ ਲਵਾਉ
ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ



# ਟੋਰਾਂਟੋ ਨਾਰਥ ਯੌਰਕ ਸ਼ੈਲਟਰ ’ਚ ਛੁਰੇਬਾਜ਼ੀ ਵਿਚ ਇਕ ਦੀ ਮੌਤ, ਦੂਜਾ ਜ਼ਖ਼ਮੀ, ਮੁਲਜ਼ਮ ਕਾਬੂ



ਟੋਰਾਂਟੋ, 23 ਜੂਨ (ਪੋਸਟ ਬਿਊਰੋ): ਨਾਰਥ ਯੌਰਕ ਸ਼ੈਲਟਰ ਵਿਚ ਐਤਵਾਰ ਦੁਪਹਿਰ ਨੂੰ ਚਾਕੂ ਨਾਲ ਹਮਲਾ ਕੀਤੇ ਜਾਣ ਤੋਂ ਬਾਅਦ ਇੱਕ ਵਿਅਕਤੀ ਦੀ ਹਸਪਤਾਲ ਵਿੱਚ ਮੌਤ ਹੋ ਗਈ ਹੈ ਅਤੇ ਇੱਕ ਹੋਰ ਵਿਅਕਤੀ ਜ਼ਖਮੀ ਹੋ ਗਿਆ ਹੈ ਜਦਕਿ ਪੁਲਸ ਨੇ ਇਕ ਸ਼ੱਕੀ ਨੂੰ ਕਾਬੂ ਕਰ ਲਿਆ ਹੈ। ਟੋਰਾਂਟੋ ਪੁਲਿਸ ਸੇਵਾ ਦੇ ਡਿਊਟੀ ਸੀਨੀਅਰ ਅਧਿਕਾਰੀ ਕਾਰਜਕਾਰੀ ਇੰਸਪੈਕਟਰ ਟੌਡ ਜੋਕੋ ਨੇ ਕਿਹਾ ਕਿ ਇਸ ਘਟਨਾ ਦੇ ਸਬੰਧ ਵਿੱਚ ਕਰੀਬ 70 ਸਾਲ ਦੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜੋਕੋ ਨੇ ਕਿਹਾ ਕਿ ਦੋਵੇਂ ਪੀੜਤ ਕਰੀਬ 50 ਸਾਲ ਦੇ ਹਨ। ਇਹ ਘਟਨਾ ਵਿਲਸਨ ਐਵੇਨਿਊ ਅਤੇ ਬੇਵਰਲੀ ਹਿਲਜ਼ ਡਰਾਈਵ ਦੇ ਖੇਤਰ ਵਿੱਚ ਵਾਪਰੀ। ਦੁਪਹਿਰ ਦੇ ਕਰੀਬ ਪੁਲਸ ਨੂੰ ਮਾਮਲੇ ਦੀ ਸੂਚਨਾ ਮਿਲੀ। ਜਦੋਂ ਅਧਿਕਾਰੀ ਪਹੁੰਚੇ ਤਾਂ ਦੋ ਵਿਅਕਤੀਆਂ ’ਤੇ ਚਾਕੂ ਨਾਲ ਹਮਲਾ ਕੀਤਾ ਗਿਆ ਸੀ, ਜਿਨ੍ਹਾਂ ਵਿੱਚੋਂ ਇਕ ਗੰਭੀਰ ਜ਼ਖ਼ਮੀ ਸੀ। ਟੋਰਾਂਟੋ ਪੈਰਾਮੈਡਿਕਸ ਦੋਨਾਂ ਜ਼ਖ਼ਮੀਆਂ ਨੂੰ ਹਸਪਤਾਲ ਪਹੁੰਚਾਇਆ। ਇੱਕ ਨੂੰ ਉੱਥੇ ਮ੍ਰਿਤਕ ਐਲਾਨ ਦਿੱਤਾ ਗਿਆ। ਦੂਜਾ ਵਿਅਕਤੀ ਹਸਪਤਾਲ ਵਿੱਚ ਜ਼ੇਰੇ ਇਲਾਜ ਹੈ।

# ਹੈਮਿਲਟਨ ਕਾਰ ਹਾਦਸੇ ਵਿਚ 2 ਲੋਕਾਂ ਦੀ ਮੌਤ



ਹੈਮਿਲਟਨ, 23 ਜੂਨ (ਪੋਸਟ ਬਿਊਰੋ): ਹੈਮਿਲਟਨ ਵਿਚ ਐਤਵਾਰ ਸਵੇਰੇ ਇੱਕ ਕਾਰ ਹਾਦਸੇ ਵਿਚ ਦੋ ਲੋਕਾਂ ਦੀ ਮੌਤ ਹੋ ਗਈ। ਪੁਲਿਸ ਦਾ ਕਹਿਣਾ ਹੈ ਕਿ ਉਨ੍ਹਾਂ ਨੂੰ ਸਵੇਰੇ 3 ਵਜੇ ਦੇ ਕਰੀਬ ਕਲੇਰਮੌਂਟ ਐਕਸੈਸ 'ਤੇ ਕਾਰ ਹਾਦਸੇ ਦੀ ਸੂਚਨਾ ਮਿਲੀ। ਪੁਲਿਸ ਅਨੁਸਾਰ, ਇੱਕ ਸ਼ੇਵਰਲੇਟ ਗੱਡੀ ਦੱਖਣ ਵੱਲ ਜਾ ਰਹੀ ਸੀ ਜਦੋਂ ਇਹ ਸੜਕ ਤੋਂ ਪਲਟ ਗਈ ਅਤੇ ਇੱਕ ਪੱਥਰ ਦੀ ਕੰਧ ਨਾਲ ਟਕਰਾ ਗਈ। ਐਮਰਜੈਂਸੀ ਕਰਮਚਾਰੀਆਂ ਵੱਲੋਂ ਡਰਾਈਵਰ ਅਤੇ ਯਾਤਰੀ ਦੋਨਾਂ ਨੂੰ ਮੌਕੇ 'ਤੇ ਮ੍ਰਿਤਕ ਐਲਾਨ ਦਿੱਤਾ ਗਿਆ। ਪੁਲਿਸ ਨੇ ਇਲਾਕੇ ਦੇ ਡੈਸ਼ਕੈਮ ਜਾਂ ਨਿਗਰਾਨੀ ਕੈਮਰੇ ਦੀ ਫੁਟੇਜ ਰੱਖਣ ਵਾਲੇ ਕਿਸੇ ਵੀ ਵਿਅਕਤੀ ਨੂੰ ਫੁਟੇਜ ਦੀ ਜਾਂਚ ਕਰਨ ਦੀ ਅਪੀਲ ਕੀਤੀ ਹੈ।

## ਬਨੂੜ ਨੇੜੇ ਖੇਤਾਂ ਵਿੱਚ ਖੜ੍ਹੀ ਫਾਰਚੂਨਰ ਕਾਰ ਵਿੱਚੋਂ ਇੱਕੋ ਪਰਿਵਾਰ ਦੇ 3 ਜੀਆਂ ਦੀਆਂ ਮਿਲੀਆਂ ਲਾਸ਼ਾਂ



ਰਾਜਪੁਰਾ, 23 ਜੂਨ (ਪੋਸਟ ਬਿਊਰੋ): ਐਤਵਾਰ ਨੂੰ ਪੰਜਾਬ ਦੇ ਰਾਜਪੁਰਾ ਅਧੀਨ ਪੈਂਦੇ ਬਨੂੜ-ਟੇਪਲਾ ਸੜਕ 'ਤੇ ਪਿੰਡ ਚੰਗੇੜਾ ਦੇ ਨੇੜੇ ਖੇਤਾਂ ਵਿੱਚ ਖੜ੍ਹੀ ਇੱਕ ਫਾਰਚੂਨਰ ਕਾਰ ਵਿੱਚੋਂ ਇੱਕੋ ਪਰਿਵਾਰ ਦੇ ਜੀਆਂ ਲੋਕਾਂ ਦੀਆਂ ਲਾਸ਼ਾਂ ਮਿਲੀਆਂ। ਤਿੰਨਾਂ ਨੂੰ ਗੋਲੀ ਮਾਰੀ ਗਈ ਸੀ। ਇਹ ਕਾਰ ਸੜਕ ਤੋਂ ਥੋੜ੍ਹੀ ਹੇਠਾਂ ਖੇਤਾਂ ਵੱਲ ਖੜ੍ਹੀ ਸੀ। ਜਦੋਂ ਖੇਤ ਵਿੱਚ ਟਿਊਬਵੈੱਲ ਲਗਾਉਣ ਆਏ ਪਿੰਡ ਵਾਸੀਆਂ ਨੇ ਕਾਰ ਵੱਲ ਦੇਖਿਆ ਤਾਂ ਉਸ ਵਿੱਚ ਤਿੰਨੇ ਲਾਸ਼ਾਂ ਦਿਖਾਈ ਦਿੱਤੀਆਂ।

ਇਸ ਤੋਂ ਬਾਅਦ ਤੁਰੰਤ ਬਨੂੜ ਪੁਲਿਸ ਨੂੰ ਸੂਚਿਤ ਕੀਤਾ ਗਿਆ। ਸੂਚਨਾ ਮਿਲਦੇ ਹੀ ਪੁਲਿਸ ਮੌਕੇ 'ਤੇ ਪਹੁੰਚ ਗਈ ਅਤੇ ਇਲਾਕੇ ਨੂੰ ਸੀਲ ਕਰ ਦਿੱਤਾ ਗਿਆ। ਜਾਂਚ ਦੌਰਾਨ ਕਾਰ ਦੇ ਅੰਦਰ ਇੱਕ ਆਦਮੀ, ਇੱਕ ਔਰਤ ਅਤੇ ਇੱਕ ਨਾਬਾਲਿਗ ਦੀਆਂ ਲਾਸ਼ਾਂ ਮਿਲੀਆਂ। ਪੁਲਿਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਭੇਜ ਦਿੱਤਾ। ਮ੍ਰਿਤਕਾਂ ਦੀ ਪਛਾਣ ਸੰਦੀਪ ਸਿੰਘ (45), ਉਨ੍ਹਾਂ ਦੀ ਪਤਨੀ ਮਨਦੀਪ ਕੌਰ (42) ਅਤੇ ਪੁੱਤਰ ਅਭੈ (15) ਵਜੋਂ ਹੋਈ ਹੈ। ਉਹ ਮੋਹਾਲੀ ਦੇ ਰਹਿਣ ਵਾਲੇ ਸਨ।

# ‘ਆਪ’ ਨੇ ਲੁਧਿਆਣਾ ਦੀ ਉਪ ਚੋਣ ਜਿੱਤੀ, ਕਾਂਗਰਸ ਨੂੰ 10637 ਵੋਟਾਂ ਨਾਲ ਹਰਾਇਆ



ਲੁਧਿਆਣਾ, 23 ਜੂਨ (ਪੋਸਟ ਬਿਊਰੋ): ਆਮ ਆਦਮੀ ਪਾਰਟੀ (ਆਪ) ਨੇ ਪੰਜਾਬ ਦੀ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ 'ਤੇ ਹੋਈ ਉਪ ਚੋਣ ਜਿੱਤ ਲਈ ਹੈ। 'ਆਪ' ਉਮੀਦਵਾਰ ਸੰਜੀਵ ਅਰੋੜਾ ਨੇ ਕਾਂਗਰਸ ਦੇ ਭਾਰਤ ਭੂਸ਼ਣ ਆਸ਼ੂ ਨੂੰ 10637 ਵੋਟਾਂ ਨਾਲ ਹਰਾਇਆ। ਹਾਲਾਂਕਿ, ਰਸਮੀ ਐਲਾਨ ਹਾਲੇ ਹੋਣਾ ਬਾਕੀ ਹੈ। ਵਰਕਰ ਜਸ਼ਨ ਮਨਾ ਰਹੇ ਹਨ।

ਸੰਜੀਵ ਅਰੋੜਾ ਰਾਜ ਸਭਾ ਮੈਂਬਰ ਹਨ। ਹੁਣ ਵਿਧਾਇਕ ਬਣਨ ਤੋਂ ਬਾਅਦ ਉਨ੍ਹਾਂ ਨੂੰ ਰਾਜ ਸਭਾ ਸੀਟ ਛੱਡਣੀ ਪਵੇਗੀ। ਅਜਿਹੀ ਸਥਿਤੀ ਵਿੱਚ, ਚਰਚਾ ਹੈ ਕਿ 'ਆਪ' ਸੁਪਰੀਮੋ ਅਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਉਨ੍ਹਾਂ ਦੀ ਜਗ੍ਹਾ ਰਾਜ ਸਭਾ ਜਾ ਸਕਦੇ ਹਨ।

ਇਸ ਦੇ ਨਾਲ ਹੀ ਭਾਜਪਾ ਦੇ ਜੀਵਨ ਗੁਪਤਾ ਤੀਜੇ ਸਥਾਨ 'ਤੇ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਪਰਉਪਕਾਰ ਸਿੰਘ ਘੁੰਮਣ ਚੌਥੇ ਸਥਾਨ 'ਤੇ ਸਨ। ਇਹ ਗਿਣਤੀ ਖਾਲਸਾ ਕਾਲਜ ਫਾਰ ਵੂਮੈਨ ਦੇ ਆਡੀਟੋਰੀਅਮ ਵਿੱਚ ਹੋਈ। ਪਹਿਲਾਂ ਪੋਸਟਲ ਬੈਲਟ ਦੀ ਗਿਣਤੀ ਕੀਤੀ ਗਈ। ਇਸ ਤੋਂ ਬਾਅਦ, ਈਵੀਐੱਮ ਤੋਂ ਵੋਟਾਂ ਦੀ ਗਿਣਤੀ ਕੀਤੀ ਗਈ।

'ਆਪ' ਦੀ ਲੀਡ ਤੀਜੇ ਦੌਰ ਤੱਕ ਲਗਾਤਾਰ ਵਧਦੀ ਗਈ, ਪਰ ਚੌਥੇ, ਪੰਜਵੇਂ ਅਤੇ ਛੇਵੇਂ ਦੌਰ ਵਿੱਚ ਘੱਟ ਗਈ। ਤਿੰਨਾਂ ਦੌਰਾਂ ਵਿੱਚ, ਕਾਂਗਰਸ ਉਮੀਦਵਾਰ ਨੂੰ ਸਭ ਤੋਂ ਵੱਧ ਵੋਟਾਂ ਮਿਲੀਆਂ। 'ਆਪ' ਦੀ ਲੀਡ 3 ਦੌਰਾਂ ਵਿੱਚ ਘਟਣ ਤੋਂ ਬਾਅਦ, ਇਹ 7ਵੇਂ ਤੋਂ ਦੁਬਾਰਾ ਵਧਣੀ ਸ਼ੁਰੂ ਹੋ ਗਈ।

ਇਸ ਸੀਟ 'ਤੇ ਉਪ ਚੋਣ ਲਈ 19 ਜੂਨ ਨੂੰ ਵੋਟਿੰਗ ਹੋਈ ਸੀ, ਜਿਸ ਵਿੱਚ 51.33% ਵੋਟਰਾਂ ਨੇ ਵੋਟ ਪਾਈ ਸੀ। 2022 ਵਿੱਚ 'ਆਪ' ਉਮੀਦਵਾਰ ਗੁਰਪ੍ਰੀਤ ਗੋਗੀ ਨੇ ਇਹ ਸੀਟ ਜਿੱਤੀ ਸੀ। ਕੁਝ ਮਹੀਨੇ ਪਹਿਲਾਂ ਗੋਲੀ ਲੱਗਣ ਨਾਲ ਉਨ੍ਹਾਂ ਦੀ ਮੌਤ ਹੋ ਗਈ ਸੀ। ਇਸ ਤੋਂ ਬਾਅਦ ਇੱਥੇ ਉਪ ਚੋਣ ਹੋਈ ਸੀ।

# ਈਰਾਨ ਨੇ ਕਿਹਾ- ਪ੍ਰਮਾਣੂ ਪ੍ਰੋਗਰਾਮ ਨਹੀਂ ਰੋਕਾਂਗੇ, ਟਰੰਪ ਨੇ ਯੁੱਧ ਸ਼ੁਰੂ ਕੀਤਾ, ਅਸੀਂ ਖਤਮ ਕਰਾਂਗੇ



ਤਹਿਰਾਨ, 23 ਜੂਨ (ਪੋਸਟ ਬਿਊਰੋ): ਇਜ਼ਰਾਈਲ ਨੇ ਸੋਮਵਾਰ ਦੁਪਹਿਰ ਨੂੰ ਈਰਾਨ ਦੀ ਰਾਜਧਾਨੀ ਤਹਿਰਾਨ ਵਿੱਚ ਈਰਾਨੀ ਫੌਜ ਯੂਨਿਟ ਇਸਲਾਮਿਕ ਰੈਵੋਲਿਊਸ਼ਨਰੀ ਗਾਰਡ ਕੋਰ ਦੇ ਟਿਕਾਣਿਆਂ 'ਤੇ ਹਮਲਾ ਕੀਤਾ। ਇਸ ਵਿੱਚ ਸੈਂਕੜੇ ਸੈਨਿਕਾਂ ਦੇ ਮਾਰੇ ਜਾਣ ਦਾ ਦਾਅਵਾ ਕੀਤਾ ਜਾ ਰਿਹਾ ਹੈ।

ਇਜ਼ਰਾਈਲ ਨੇ ਈਰਾਨ ਦੇ 6 ਹਵਾਈ ਅੱਡਿਆਂ - ਮਸ਼ਹਦ, ਤਹਿਰਾਨ, ਹਮਦਾਨ, ਦੇਜ਼ਫੁਲ, ਸ਼ਾ-ਹਦ ਬਖਤਿਆਰੀ ਅਤੇ ਤਬਰੀਜ਼ 'ਤੇ ਵੀ ਡਰੋਨ ਹਮਲੇ ਕੀਤੇ। ਇਹ ਦਾਅਵਾ ਕੀਤਾ ਗਿਆ ਹੈ ਕਿ ਇਨ੍ਹਾਂ ਵਿੱਚ ਈਰਾਨ ਦੇ 15 ਲੜਾਕੂ ਜਹਾਜ਼ ਅਤੇ ਹੈਲੀਕਾਪਟਰ ਤਬਾਹ ਹੋ ਗਏ।

ਇਸ ਦੌਰਾਨ, ਈਰਾਨ ਦੇ ਉਪ ਵਿਦੇਸ਼ ਮੰਤਰੀ ਮਾਜਿਦ ਤਖ਼ਤ ਰਵਾਂਚੀ ਨੇ ਕਿਹਾ ਕਿ ਈਰਾਨ ਆਪਣਾ ਪ੍ਰਮਾਣੂ ਪ੍ਰੋਗਰਾਮ ਨਹੀਂ ਬੰਦ ਕਰੇਗਾ। ਈਰਾਨ ਦੇ ਮਿਲਟਰੀ ਸੈਂਟਰਲ ਕਮਾਂਡ ਦੇ ਬੁਲ-ਾਰੇ ਇਬਰਾਹਿਮ ਜ਼ੋਲਫਾਘਾਰੀ ਨੇ ਕਿਹਾ ਕਿ ਗੈਂਬਲਰ ਟਰੰਪ, ਤੁਸੀਂ ਯੁੱਧ ਸ਼ੁਰੂ ਕਰ ਦਿੱਤਾ ਹੈ, ਪਰ ਅਸੀਂ ਇਸਨੂੰ ਖਤਮ ਕਰਾਂਗੇ।

ਇਜ਼ਰਾਈਲੀ ਫੌਜ ਨੇ ਕਿਹਾ ਕਿ ਉਸਨੇ ਇਵਿਨ ਜੇਲ੍ਹ, ਇਜ਼ਰਾਈਲ ਡਿਸਟ੍ਰਕਸ਼ਨ ਕਲਾਕ, ਆਈਆਰਜੀਸੀ ਦੇ ਬਾਸੀਜ ਫੋਰਸ ਹੈੱਡਕੁਆਰਟਰ ਅਤੇ ਤਹਿਰਾਨ ਵਿੱਚ ਅੰਦਰੂਨੀ ਸੁਰੱਖਿਆ ਹੈੱਡਕੁਆਰਟਰ ਨੂੰ ਨਿਸ਼ਾਨਾ ਬਣਾਇਆ ਸੀ।

ਇਸ ਤੋਂ ਪਹਿਲਾਂ, ਇਜ਼ਰਾਈਲ ਨੇ ਈਰਾਨ ਦੇ ਫੋਰਡੋ ਪ੍ਰਮਾਣੂ ਸਥਾਨ 'ਤੇ ਹਮਲਾ ਕੀਤਾ ਸੀ। ਈਰਾਨ ਦੀ ਤਸਨੀਮ ਨਿਊਜ਼ ਏਜੰਸੀ ਨੇ ਕਿਹਾ ਕਿ ਇਹ ਹਮਲਾ ਉਸੇ ਜਗ੍ਹਾ 'ਤੇ ਕੀਤਾ ਗਿਆ ਸੀ ਜਿੱਥੇ ਅਮਰੀਕਾ ਨੇ ਐਤਵਾਰ ਨੂੰ ਬੰਬ ਸੁੱਟੇ ਸਨ।

ਦੂਜੇ ਪਾਸੇ, ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਈਰਾਨ ਵਿੱਚ ਤਖ਼ਤਾਪਲਟ ਦਾ ਸੰਕੇਤ ਦਿੱਤਾ। ਉਨ੍ਹਾਂ ਨੇ ਸੋਸ਼ਲ ਮੀਡੀਆ 'ਤੇ ਕਿਹਾ ਕਿ ਜੇਕਰ ਮੌਜੂਦਾ ਈਰਾਨੀ ਸਰਕਾਰ 'ਈਰਾਨ ਨੂੰ ਦੁਬਾਰਾ ਮਹਾਨ' ਨਹੀਂ ਬਣਾ ਸਕਦੀ, ਤਾਂ ਸੱਤਾ ਵਿੱਚ ਤਬਦੀਲੀ ਕਿਉਂ ਨਹੀਂ ਹੋਣੀ ਚਾਹੀਦੀ? ਈਰਾਨ ਨੂੰ ਦੁਬਾਰਾ ਮਹਾਨ ਬਣਾਓ।

ਅਮਰੀਕਾ ਨੇ ਕੱਲ੍ਹ ਈਰਾਨ ਦੇ ਫੋਰਡੋ, ਨਤਾਨਜ਼ ਅਤੇ ਇਸਫਾਹਨ ਪ੍ਰਮਾਣੂ ਸਥਾਨਾਂ 'ਤੇ ਹਮਲਾ ਕਰਕੇ ਯੁੱਧ ਵਿੱਚ ਪ੍ਰਵੇਸ਼ ਕੀਤਾ। ਈਰਾਨ 'ਤੇ ਅਮਰੀਕੀ ਕਾਰਵਾਈ ਵਿੱਚ 7 ਬੀ-2 ਸਟੀਲਥ ਬੰਬਰ ਵਰਤੇ ਗਏ ਸਨ, ਜਿਨ੍ਹਾਂ ਨੇ ਈਰਾਨ ਦੇ ਫੋਰਡੋ ਅਤੇ ਨਤਾਨਜ਼ ਪ੍ਰਮਾਣੂ ਸਥਾਨਾਂ 'ਤੇ 13,608 ਕਿਲੋਗ੍ਰਾਮ ਬੰਕਰ ਬਸਟਰ ਬੰਬ ਸੁੱਟੇ ਸਨ।

# ਪਾਕਿਸਤਾਨ ਨੇ ਸਿੰਧ ਵਿੱਚ ਤੇਲ ਅਤੇ ਗੈਸ ਦੇ ਨਵੇਂ ਭੰਡਾਰ ਲੱਭੇ



ਇਸਲਾਮਾਬਾਦ, 23 ਜੂਨ (ਪੋਸਟ ਬਿਊਰੋ): ਪਾਕਿਸਤਾਨ ਦੀ ਸਰਕਾਰੀ ਮਾਲਕੀ ਵਾਲੀ ਤੇਲ ਅਤੇ ਗੈਸ ਵਿਕਾਸ ਕੰਪਨੀ (ਘਧਫ਼) ਨੇ ਸਿੰਧ ਸੂਬੇ ਵਿੱਚ ਇੱਕ ਨਵਾਂ ਤੇਲ ਅਤੇ ਗੈਸ ਭੰਡਾਰ ਲੱਭਿਆ ਹੈ। ਕੰਪਨੀ ਨੇ ਇਸ ਮਹੀਨੇ ਦੇ ਸ਼ੁਰੂ ਵਿੱਚ ਖਾਰੋ ਦੇ ਫਕੀਰ-1 ਖੂਹ ਵਿੱਚ ਇਹ ਖੋਜ ਕੀਤੀ ਸੀ।

ਇਹ ਭੰਡਾਰ ਜ਼ਮੀਨ ਤੋਂ 4 ਹਜ਼ਾਰ ਮੀਟਰ ਹੇਠਾਂ ਮਿਲਿਆ ਹੈ। ਮਾਹਰਾਂ ਅਨੁਸਾਰ, ਪਾਕਿਸਤਾਨ ਵਿੱਚ ਹੋਰ ਵੀ ਲੁਕਵੇਂ ਗੈਸ ਭੰਡਾਰ ਮੌਜੂਦ ਹੋ ਸਕਦੇ ਹਨ। ਪਿਛਲੇ ਸਾਲ, ਘਧਫ਼ ਨੇ ਦੋ ਅਜਿਹੇ ਵੱਡੇ ਤੇਲ ਅਤੇ ਗੈਸ ਭੰਡਾਰ ਲੱਭੇ ਸਨ।

ਇਸ ਸਮੇਂ, ਵੈਨੇਜ਼ੁਏਲਾ ਵਿੱਚ ਦੁਨੀਆਂ ਦਾ ਸਭ ਤੋਂ ਵੱਡਾ ਤੇਲ ਭੰਡਾਰ ਹੈ, ਉਸ ਤੋਂ ਬਾਅਦ ਸਾਊਦੀ ਅਰਬ ਹੈ।













# ਵਿਸ਼ਵ ਪੰਜਾਬੀ ਸਭਾ ਵੱਲੋਂ ਟੋਰਾਂਟੋ ਵੱਲੋਂ ਤਿੰਨ ਰੋਜ਼ਾ ਅੰਤਰਰਾਸ਼ਟਰੀ ਪੰਜਾਬੀ ਕਾਨਫ਼ਰੰਸ

*** ਡਾ. ਵਰਿਆਮ ਸਿੰਘ ਸੰਧੂ ਨੇ ਪ੍ਰਧਾਨਗੀ ਕਰਦਿਆਂ ਮਾਂ ਬੋਲੀ ਵਿਕਾਸ ਆਪੋ ਆਪਣੇ ਘਰੋਂ ਸ਼ੁਰੂ ਕਰਨ ਦਾ ਕਰਵਾਇਆ ਪ੍ਰਣ**

ਟੋਰਾਂਟੋ, 23 ਜੂਨ (ਗਿਆਨ ਸਿੰਘ): ਪੰਜਾਬੀ ਭਾਸ਼ਾ, ਸਾਹਿਤ, ਸੱਭਿਆਚਾਰ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰਨ, ਨਿਖਾਰਨ ਅਤੇ ਤਰਾਸ਼ਣ ਦੇ ਮਨੋਰਥ ਨਾਲ ਵਿਸ਼ਵ ਪੰਜਾਬੀ ਸਭਾ ਕੈਨੇਡਾ ਵੱਲੋਂ ਡਾ. ਦਲਬੀਰ ਸਿੰਘ ਕਥੂਰੀਆ ਚੇਅਰਮੈਨ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਅਗਵਾਈ ਹੇਠ ਛੇਵੀਂ ਅੰਤਰਰਾਸ਼ਟਰੀ ਵਿਸ਼ਵ ਪੰਜਾਬੀ ਕਾਨਫਰੰਸ ਕੈਨੇਡਾ ਦੇ ਸ਼ਹਿਰ ਬਰੈਂਪਟਨ (ਟੋਰੰਟੋ) ਵਿਖੇ ਵਿਸ਼ਵ ਪੰਜਾਬੀ ਭਵਨ ਵਿਖੇ ਅੱਜ ਬੜੇ ਉਤਸ਼ਾਹ ਨਾਲ ਅਰੰਭ ਹੋਈ। ਕਾਨਫਰੰਸ ਦਾ ਆਰੰਭ ਸਿੱਖ ਰਹੁ-ਰੀਤਾਂ ਨਾਲ ਸ੍ਰ. ਸੁਬੇਗ ਸਿੰਘ ਕਥੂਰੀਆ ਵੱਲੋਂ ਰਸਭਿੰਨੇ ਸ਼ਬਦ ਗਾਇਨ ਨਾਲ ਕੀਤਾ ਗਿਆ।

ਇਸ ਉਪਰੰਤ ਸ੍ਰੀ ਰਿੰਟੂ ਭਾਟੀਆ ਵੱਲੋਂ ਸ਼ਬਦ ਗਾਇਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਡਾ. ਦਲਬੀਰ ਸਿੰਘ ਕਥੂਰੀਆ, ਸ਼੍ਰੋਮਣੀ ਪੰਜਾਬੀ ਲੇਖਕ ਡਾ.ਵਰਿਆਮ ਸਿੰਘ ਸੰਧੂ, ਪੰਜਾਬ ਯੂਨੀਵਰਸਿਟੀ ਦੇ ਸਾਬਕਾ ਡੀਨ ਡਾ. ਜਸਪਾਲ ਕੌਰ ਕਾਂਗ, ਗੁਰੂ ਕਾਸ਼ੀ ਯੂਨੀਵਰਸਿਟੀ ਤਲਵੰਡੀ ਸਾਬੋ ਦੇ ਚਾਂਸਲਰ ਡਾ. ਗੁਰਲਾਭ ਸਿੰਘ, ਡਾ. ਪਰਗਟ ਸਿੰਘ ਬੱਗਾ, ਸ੍ਰ. ਇੰਦਰਜੀਤ ਸਿੰਘ ਬੱਲ, ਡਾ. ਬਲਵਿੰਦਰ ਸਿੰਘ ਧਾਲੀਵਾਲ, ਡਾ. ਅਮਰਜੀਤ ਕੋਂਕੇ, ਰੂਪ ਕਾਹਲੋਂ ਅਤੇ ਉਚੇਚੇ ਤੌਰ ਤੇ ਪਹੁੰਚੇ ਚੜ੍ਹਦੀਕਲਾ ਟਾਈਮ ਟੀਵੀ ਦਿੱਲੀ ਦੇ ਡਾਇਰੈਕਟਰ ਸ੍ਰ. ਅੰਮ੍ਰਿਤਪਾਲ ਸਿੰਘ ਵੱਲੋਂ ਸ਼ਮ੍ਹਾ ਰੌਸ਼ਨ ਕਰਕੇ ਸਮਾਰੋਹ ਦਾ ਉਦਘਾਟਨ ਕੀਤਾ ਗਿਆ।

ਸਮਾਰੋਹ ਦਾ ਸਵਾਗਤੀ ਭਾਸ਼ਨ ਵਿਸ਼ਵ ਪੰਜਾਬੀ ਸਭਾ ਦੇ ਸਰਪ੍ਰਸਤ ਸ੍ਰ. ਇੰਦਰਜੀਤ ਸਿੰਘ ਬੱਲ ਵੱਲੋਂ ਪੜ੍ਹਿਆ ਗਿਆ। ਇਸ ਉਪਰੰਤ ਗੁਰਲਾਭ ਸਿੰਘ ਵੱਲੋਂ ਉਦਘਾਟਨੀ ਸ਼ਬਦ ਬੋਲੇ ਗਏ। ਕੁੰਜੀਵਤ ਭਾਸ਼ਣ ਡਾ. ਜਸਪਾਲ ਕੌਰ ਕਾਂਗ ਵੱਲੋਂ ਦਿੱਤਾ ਗਿਆ ਜਿਸ ਵਿੱਚ ਉਨ੍ਹਾਂ ਗੁਰੂ ਆਸ਼ੇ ਅਨੁਸਾਰ ਸਮਾਜ ਸਿਰਜਣ ਦੀ ਲੋੜ ਤੇ ਜ਼ੋਰ ਦਿੱਤਾ। ਪ੍ਰਧਾਨਗੀ ਭਾਸ਼ਨ ਦਿੰਦਿਆਂ ਸ਼੍ਰੋਮਣੀ ਪੰਜਾਬੀ ਲੇਖਕ ਡਾ. ਵਰਿਆਮ ਸਿੰਘ



ਸੰਧੂ ਨੇ ਕਿਹਾ ਕਿ ਵਿਸ਼ਵ ਪੰਜਾਬੀ ਸਭਾ ਵੱਲੋਂ ਇਹ ਕਾਨਫਰੰਸ ਕਰਕੇ ਪੂਰੇ ਵਿਸ਼ਵ ਨੂੰ ਮਾਂ ਬੋਲੀ ਪੰਜਾਬੀ ਦੇ ਵਿਕਾਸ ਲਈ ਸੁਚੇਤ ਕੀਤਾ ਹੈ। ਉਨ੍ਹਾਂ ਕਿਹਾ ਕਿ ਇਹ ਸਫ਼ਰ ਸਾਨੂੰ ਆਪੋ ਆਪਣੇ ਘਰੋਂ ਸ਼ੁਰੂ ਕਰਨਾ ਪਵੇਗਾ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਦੇਵ ਜੀ ਦਾ ਸੰਦੇਸ਼ ਵਿਸਾਰਨ ਕਰਕੇ ਹੀ ਅਸੀਂ ਬਹੁਤੇ ਕਸ਼ਟ ਸਹਾਰ ਰਹੇ ਹਾਂ। ਅੰਤ ਵਿੱਚ ਡਾ. ਪ੍ਰਗਟ ਸਿੰਘ ਬੱਗਾ ਨੇ ਧੰਨਵਾਦ ਦੇ ਸ਼ਬਦ ਕਹੇ।

ਪ੍ਰੋ. ਜਗੀਰ ਸਿੰਘ ਕਾਹਲੋਂ, ਡਾ. ਗੁਰਪ੍ਰੀਤ ਕੌਰ ਅਤੇ ਡਾ. ਅਮਰਦੀਪ ਬਿੰਦਰਾ ਵੱਲੋਂ ਮੰਚ ਸੰਚਾਲਕ ਦੀ ਭੂਮਿਕਾ ਬਾਖ਼ੂਬੀ ਨਿਭਾਈ ਗਈ। ਕਾਨਫਰੰਸ ਵਿੱਚ ਉੱਘੇ ਲੇਖਕ ਪ੍ਰਿੰਸੀਪਲ ਸਰਵਣ ਸਿੰਘ, ਸਾਬਕਾ ਵਿਧਾਇਕ ਤੇ ਪ੍ਰਸਿੱਧ ਪੱਤਰਕਾਰ ਕੰਵਰ ਸੰਧੂ, ਬਿੱਟੂ ਸੰਧੂ, ਜਸਵਿੰਦਰ ਸਿੰਘ ਰੁਪਾਲ, ਪੂਰਨ ਸਿੰਘ ਪਾਂਧੀ, ਰਜਵੰਤ ਕੌਰ ਸੰਧੂ, ਡਾ. ਜਾਗੀਰ ਸਿੰਘ ਨੂਰ, ਸੁਰਿੰਦਰ ਪ੍ਰੀਤ ਘਣੀਆ, ਕੰਵਲਜੀਤ ਸਿੰਘ ਲੱਕੀ, ਦਲਬੀਰ ਸਿੰਘ ਰਿਆੜ, ਪਾਕਿਸਤਾਨੀ ਲੇਖਕਾਂ ਤਾਹਿਰਾ ਸਰਾ, ਲੋਕ ਗਾਇਕ ਹਸਨੈਨ ਅਕਬਰ, ਕਵਿੱਤਰੀ ਸੁਰਜੀਤ ਕੌਰ, ਪ੍ਰੋ. ਕੁਲਜੀਤ ਕੌਰ,ਡਾ. ਨਵਜੋਤ ਕੌਰ ਤੇ ਕਈ ਹੋਰ ਲੇਖਕ ਹਾਜ਼ਰ ਸਨ। ਇੱਥੇ ਦੱਸਣਯੋਗ ਹੈ ਕਿ ਕਾਨਫਰੰਸ ਦਾ ਸਮਾਪਤੀ ਸਮਾਰੋਹ 22 ਜੂਨ ਨੂੰ ਹੋਵੇਗਾ। ਇਸ ਸਬੰਧੀ ਡਾ. ਦਲਬੀਰ ਸਿੰਘ ਕਥੂਰੀਆ ਨੇ ਕਿਹਾ ਕਿ ਪੰਜਾਬੀ ਸਿਰਫ ਇੱਕ ਭਾਸ਼ਾ ਹੀ ਨਹੀਂ ਬਲਕਿ ਇਹ ਮੁਹੱਬਤ, ਭਾਈਚਾਰਕ ਸਾਂਝ ਅਤੇ ਦੁਨੀਆਂ ਨੂੰ ਰਿਸ਼ਤਿਆਂ ਨਾਲ ਜੋੜ ਕੇ ਰੱਖਣ ਵਾਲੀ ਭਾਸ਼ਾ ਹੈ। ਇਸ ਦੀਆਂ ਜੜ੍ਹਾਂ ਵਿੱਚ, ਇਸ ਦੀਆਂ ਰਗਾਂ ਵਿੱਚ, ਇਸਦੇ ਸੀਨੇ ਵਿੱਚ, ਇਸ ਦੀ ਧੜਕਣ ਵਿੱਚ ਰੂਹਾਨੀਅਤ ਦੇ ਬੀਜ ਹਨ ਅਤੇ ਅੱਜ ਜਦੋਂ ਦੁਨੀਆਂ ਦੇ ਬਹੁਤ ਸਾਰੇ ਮੁਲਕ ਆਪਸੀ ਖਿਚੋਤਾਣ ਵਿੱਚ ਅਤੇ ਆਪਣੀ ਚੌਧਰ ਕਾਇਮ ਰੱਖਣ ਲਈ ਸੰਘਰਸ਼ ਕਰ ਰਹੇ ਹਨ, ਇਸ ਸਮੇਂ ਵਿਸ਼ਵ ਪੰਜਾਬੀ ਸਭਾ ਕੈਨੇਡਾ ਦੀ ਭੂਮਿਕਾ ਅਤੇ ਯੋਗਦਾਨ ਹੋਰ ਵੀ ਵੱਧ ਜਾਂਦਾ ਹੈ।







## ਪ੍ਰਗਤੀਸ਼ੀਲ ਨੀਤੀਆਂ ਸਦਕਾ ਇਤਿਹਾਸਕ ਉਦਯੋਗਿਕ ਇਨਕਲਾਬ ਦੀ ਗਵਾਹੀ ਭਰ ਰਿਹਾ ਪੰਜਾਬ : ਚੀਮਾ

*** ਕਿਹਾ, ਪੰਜਾਬ ਸਰਕਾਰ ਮੌਜੂਦਾ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਦੇ ਨਾਲ-ਨਾਲ ਸੂਬੇ ਵਿੱਚ ਨਵੇਂ ਉਦਯੋਗ ਲਿਆਉਣ ਲਈ ਯਤਨਸ਼ੀਲ**



ਚੰਡੀਗੜ੍ਹ, 23 ਜੂਨ (ਪੋਸਟ ਬਿਊਰੋ): ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਪ੍ਰਗਤੀਸ਼ੀਲ ਉਦਯੋਗਿਕ ਵਿਕਾਸ ਨੀਤੀਆਂ ਦੇ ਨਤੀਜੇ ਸਦਕਾ ਸੂਬਾ ਇੱਕ ਇਤਿਹਾਸਕ ਉਦਯੋਗਿਕ ਕ੍ਰਾਂਤੀ ਦੀ ਗਵਾਹੀ ਭਰ ਰਿਹਾ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਅੰਦਰ ਉਦਯੋਗਿਕ ਵਿਕਾਸ ਨੂੰ ਹੋਰ ਤੇਜ਼ ਕਰਨ ਲਈ ਇਸ ਸਮੇਂ ਕਈ ਨਵੀਆਂ ਪਹਿਲਕਦਮੀਆਂ ਪ੍ਰਕ੍ਰਿਆ ਅਧੀਨ ਹਨ।

ਐਚ.ਐਮ.ਟੀ. ਇੰਡਸਟਰੀਅਲ ਪਾਰਕ ਅਤੇ ਮਾਇਆ ਗਾਰਡਨ ਗਰੁੱਪ ਵੱਲੋਂ ਬੀਤੀ ਦੇਰ ਸ਼ਾਮ ਸਾਂਝੇ ਤੌਰ 'ਤੇ ਕਰਵਾਏ ਗਏ ਵਪਾਰ ਮੇਲੇ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਹਾਲ ਹੀ ਵਿੱਚ ਲਾਗੂ ਕੀਤੇ ਗਏ ਫਾਸਟਟਰੈਕ ਸਿੰਗਲ ਵਿੰਡੋ ਸਿਸਟਮ ਦੇ ਜਾਣ 'ਤੇ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਇਹ ਨਵੀਨਤਾਕਾਰੀ ਪ੍ਰਣਾਲੀ ਇਹ ਯਕੀਨੀ ਬਣਾਉਂਦੀ ਹੈ ਕਿ ਜ਼ਰੂਰੀ ਪ੍ਰੋਜੈਕਟ ਪ੍ਰਵਾਨਗੀਆਂ 45 ਦਿਨਾਂ ਦੇ ਅੰਦਰ-ਅੰਦਰ ਦਿੱਤੀਆਂ ਜਾਣ, ਜੇਕਰ ਇਸ ਸਮਾਂ-ਸੀਮਾ ਦੇ ਅੰਦਰ ਪ੍ਰਵਾਨਗੀਆਂ ਨਹੀਂ ਦਿੱਤੀਆਂ ਜਾਂਦੀਆਂ ਤਾਂ ਇਸ ਨੂੰ ਖੁਦ-ਬ-ਖੁਦ ਪ੍ਰਵਾਨ ਹੋਇਆ ਸਮਝਿਆ ਜਾਵੇਗਾ ਅਤੇ ਇਸ ਲਈ ਸਬੰਧਤ ਅਧਿਕਾਰੀਆਂ ਦੀ ਜਵਾਬਦੇਹੀ ਹੋਵੇਗੀ।

ਸੂਬਾ ਸਰਕਾਰ ਦੀਆਂ ਪ੍ਰਾਪਤੀਆਂ ਦਾ ਜ਼ਿਕਰ ਕਰਦੇ ਹੋਏ, ਵਿੱਤ ਮੰਤਰੀ ਨੇ ਖੁਲਾਸਾ ਕੀਤਾ ਕਿ ਪੰਜਾਬ ਸਰਕਾਰ ਨੇ ਰਜਿਸਟਰਡ ਸੇਲ ਡੀਡ ਜਾਰੀ ਕਰਨ ਲਈ ਰੰਗੀਨ ਕੋਡੇਡ ਸਟੈਂਪ ਪੇਪਰ ਵੀ ਲਾਗੂ ਕੀਤਾ ਹੈ, ਜਿਸ ਵਿੱਚ ਹੁਣ ਪਹਿਲਾਂ ਤੋਂ ਹੀ ਚੇਂਜ ਆਫ ਲੈਂਡ ਯੂਜ਼ (ਸੀ.ਐਲ.ਯੂ.) ਪ੍ਰਵਾਨਗੀ ਸ਼ਾਮਲ ਹੈ। ਉਨ੍ਹਾਂ ਕਿਹਾ ਕਿ ਇਸ ਤਹਿਤ ਛੇ ਮੁੱਖ ਵਿਭਾਗਾਂ ਮਾਲ, ਰਿਹਾਇਸ਼ ਅਤੇ ਸ਼ਹਿਰੀ ਵਿਕਾਸ, ਸਥਾਨਕ ਸਰਕਾਰ, ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ, ਜੰਗਲਾਤ ਅਤੇ ਜੰਗਲੀ ਜੀਵ, ਅਤੇ ਕਿਰਤ ਅਤੇ ਫੈਕਟਰੀਆਂ ਦੁਆਰਾ ਨਿਰਧਾਰਤ ਸਮਾਂ-ਸੀਮਾਵਾਂ ਦੇ ਅੰਦਰ ਸਿੰਗਲ ਵਿੰਡੋ ਸਿਸਟਮ ਰਾਹੀਂ ਪੂਰਵ-ਮਨਜ਼ੂਰੀਆਂ ਸਬੰਧੀ ਕੁਸ਼ਲਤਾ ਨਾਲ ਪ੍ਰਕਿਰਿਆ ਸੰਪੂਰਨ ਕੀਤੀ ਜਾਂਦੀ ਹੈ।

ਵਿੱਤ ਮੰਤਰੀ ਨੇ ਇਹ ਵੀ ਖੁਲਾਸਾ ਕੀਤਾ ਕਿ ਪੰਜਾਬ ਸਰਕਾਰ ਨੇ ਪੰਜਾਬ ਲਘੂ ਉਦਯੋਗ ਅਤੇ ਨਿਰਯਾਤ ਨਿਗਮ ਨੇ ਪਲਾਟਾਂ ਦੇ ਕਲੱਬਿਗ ਅਤੇ ਡੀ-ਕਲੱਬਿਗ ਲਈ ਇੱਕ ਵਿਆਪਕ ਪਾਲਿਸੀ ਦੀ ਪ੍ਰਵਾਨਗੀ ਦੇ ਨਾਲ ਭੂਮੀ ਵਰਤੋਂ ਕੁਸ਼ਲਤਾ ਨੂੰ ਵਧਾਉਣ ਵੱਲ ਇੱਕ ਮਹੱਤਵਪੂਰਨ ਕਦਮ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਇਹ ਫੈਸਲਾ ਉਦਯੋਗਿਕ ਭਾਈਵਾਲਾਂ ਵੱਲੋਂ ਜ਼ਮੀਨ ਦੀ ਵਰਤੋਂ ਨੂੰ ਅਨੁਕੂਲ ਬਣਾਉਣ ਅਤੇ ਪ੍ਰੋਜੈਕਟ ਦੇ ਵਿਸਥਾਰ ਲਈ ਨਾਲ ਲੱਗਦੇ ਪਲਾਟਾਂ ਨੂੰ ਮਿਲਾਉਣ ਜਾਂ ਵੰਡਣ ਸਬੰਧੀ ਲੰਬੇ ਸਮੇਂ ਤੋਂ ਚੱਲੀਆਂ ਆ ਰਹੀਆਂ ਮੰਗਾਂ ਦਾ ਹੱਲ ਕਰੇਗਾ। ਉਨ੍ਹਾਂ ਇਹ ਵੀ ਐਲਾਨ ਕੀਤਾ ਕਿ ਸੂਬਾ ਸਰਕਾਰ ਲੀਜ਼ਹੋਲਡ ਪਲਾਟਾਂ ਨੂੰ ਫ੍ਰੀਹੋਲਡ ਵਿੱਚ ਬਦਲਣ ਲਈ ਇੱਕ ਨੀਤੀ ਲਿਆਉਣ ਸਬੰਧੀ ਯੋਜਨਾ ਬਣਾ ਰਹੀ ਹੈ।

ਸੂਬਾ ਸਰਕਾਰ ਦੁਆਰਾ ਸੀ.ਐਲ.ਯੂ ਪ੍ਰਕਿਰਿਆ ਨੂੰ ਸਰਲ ਬਣਾਉਣ ਲਈ ਕੀਤੇ ਉਪਰਾਲਿਆਂ 'ਤੇ ਜ਼ੋਰ ਦਿੰਦੇ ਹੋਏ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਸਟੈਂਡਅਲੋਨ ਇੰਡਸਟਰੀਜ਼ ਲਈ ਇਜਾਜ਼ਤਯੋਗ ਜ਼ੋਨਾਂ ਵਿੱਚ ਸੀ.ਐਲ.ਯੂ ਪ੍ਰਵਾਨਗੀਆਂ ਪ੍ਰਾਪਤ ਕਰਨ ਦੀ ਸ਼ਰਤ ਨੂੰ ਹਟਾ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਮਹੱਤਵਪੂਰਨ ਤਬਦੀਲੀ ਨੇ ਸੂਬੇ ਭਰ ਵਿੱਚ ਨਵੀਆਂ ਉਦਯੋਗਿਕ ਇਕਾਈਆਂ ਸਥਾਪਤ ਕਰਨ ਵਿੱਚ ਹੁੰਦੀ ਦੇਰੀ ਅਤੇ ਪੇਚੀਦਗੀ ਨੂੰ ਘਟਾ ਦਿੱਤਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਉਦਯੋਗਿਕ ਵਿਕਾਸ ਨੂੰ ਵੱਧ ਤੋਂ ਵੱਧ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ, ਵਿੱਤ ਮੰਤਰੀ ਨੇ ਕਿਹਾ ਕਿ ਵਿੱਤੀ ਸਾਲ 2025-26 ਦੇ ਪਹਿਲੇ ਦੋ ਮਹੀਨਿਆਂ ਦੌਰਾਨ ਹੀ ਉਦਯੋਗਿਕ ਖੇਤਰ ਨੂੰ 180 ਕਰੋੜ ਰੁਪਏ ਦੀ ਪ੍ਰੋਤਸਾਹਨ ਰਾਸ਼ੀ ਪ੍ਰਦਾਨ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨਾ ਸਿਰਫ਼ ਮੌਜੂਦਾ ਉਦਯੋਗਾਂ ਨੂੰ ਉਤਸ਼ਾਹਿਤ ਕਰਨ ਲਈ ਸਗੋਂ ਸੂਬੇ ਦੇ ਉਦਯੋਗਿਕ ਵਾਤਾਵਰਣ ਨੂੰ ਮਜ਼ਬੂਤ ਕਰਦਿਆਂ ਨਵੇਂ ਉੱਦਮਾਂ ਨੂੰ ਆਕਰਸ਼ਿਤ ਕਰਨ ਲਈ ਵੀ ਲਗਾਤਾਰ ਯਤਨਸ਼ੀਲ ਹੈ।

ਸੂਬੇ ਸਰਕਾਰ ਦੀਆਂ ਇੰਨ੍ਹਾਂ ਪਹਿਲਕਦਮੀਆਂ ਦਾ ਧੰਨਵਾਦ ਕਰਦਿਆਂ ਐਚ.ਐਮ.ਟੀ ਗਰੁੱਪ ਦੇ ਸੀ.ਐਮ.ਡੀ ਸ਼੍ਰੀ ਮੇਘਰਾਜ ਗਰਗ ਨੇ ਕਿਹਾ ਕਿ "ਰੈੱਡ ਜ਼ੋਨ" ਵਿੱਚ ਸਥਿਤ ਐਚ.ਐਮ.ਟੀ ਇੰਡਸਟਰੀਅਲ ਪਾਰਕ ਹਰ ਕਿਸਮ ਦੇ ਉਦਯੋਗ ਦੀ ਸਥਾਪਨਾ ਦੀ ਪ੍ਰਵਾਨਗੀ ਦਿੰਦਾ ਹੈ। ਉਨ੍ਹਾਂ ਨੇ ਉਦਯੋਗਿਕ ਵਿਕਾਸ ਲਈ ਲੋੜੀਂਦੇ ਅਨੁਕੂਲ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਅਤੇ ਸਮੇਂ ਸਿਰ ਪ੍ਰੋਜੈਕਟ ਪ੍ਰਵਾਨਗੀਆਂ ਨੂੰ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਦੀ ਸ਼ਲਾਘਾ ਕੀਤੀ।

ਇਥੇ ਜਿਕਰਯੋਗ ਹੈ ਕਿ ਲਾਲੜੂ ਵਿਖੇ ਸਥਿਤ ਐਚ.ਐਮ.ਟੀ ਇੰਡਸਟਰੀਅਲ ਪਾਰਕ ਉੱਭਰ ਰਹੇ ਉਦਯੋਗਾਂ ਲਈ ਇੱਕ ਹੱਬ ਵਜੋਂ ਕੰਮ ਕਰ ਰਿਹਾ ਹੈ ਅਤੇ ਐਨਐਚ 22, ਐਨਐਚ 72 ਅਤੇ ਐਨਐਚ 73 ਨੂੰ ਸ਼ਾਨਦਾਰ ਸੰਪਰਕ ਪ੍ਰਦਾਨ ਕਰਦਾ ਹੈ।

ਇਸ ਮੌਕੇ ਮੌਜੂਦ ਹੋਰ ਪ੍ਰਮੁੱਖ ਪਤਵੰਤਿਆਂ ਵਿੱਚ ਡਾਇਰੈਕਟਰ ਐਚ.ਐਮ.ਟੀ ਸੁਦਰਸ਼ਨ ਸਿੰਗਲਾ ਅਤੇ ਸੀਐਮਡੀ ਮਾਇਆ ਗਾਰਡਨ ਗਰੁੱਪ ਸਤੀਸ਼ ਜਿੰਦਲ ਸ਼ਾਮਲ ਸਨ।

## ਰੂਸ ਨੇ ਕੀਵ 'ਤੇ ਡਰੋਨ ਅਤੇ ਮਿਜ਼ਾਈਲਾਂ ਨਾਲ ਕੀਤਾ ਹਮਲਾ, 5 ਲੋਕਾਂ ਦੀ ਮੌਤ



ਕੀਵ, 23 ਜੂਨ (ਪੋਸਟ ਬਿਊਰੋ): ਰੂਸ ਨੇ ਸੋਮਵਾਰ ਤੜਕੇ ਯੂਕਰੇਨ ਦੀ ਰਾਜਧਾਨੀ ਕੀਵ 'ਤੇ ਡਰੋਨ ਅਤੇ ਮਿਜ਼ਾਈਲਾਂ ਨਾਲ ਹਮਲਾ ਕੀਤਾ। ਇਸ ਵਿੱਚ ਪੰਜ ਲੋਕ ਮਾਰੇ ਗਏ ਅਤੇ ਕਈ ਜ਼ਖਮੀ ਹੋ ਗਏ। ਹੁਣ ਤੱਕ 10 ਲੋਕਾਂ ਨੂੰ ਸੁਰੱਖਿਅਤ ਬਾਹਰ ਕੱਢਿਆ ਗਿਆ ਹੈ।

ਯੂਕਰੇਨੀ ਐਮਰਜੈਂਸੀ ਸੇਵਾ ਅਨੁਸਾਰ, ਹਮਲਾ ਇੱਕ ਅਪਾਰਟਮੈਂਟ ਬਿਲਡਿੰਗ 'ਤੇ ਹੋਇਆ, ਜਿਸ ਕਾਰਨ ਇਸ ਦੀਆਂ ਪੰਜ ਮੰਜ਼ਿਲਾਂ ਵਿੱਚੋਂ ਇੱਕ ਢਹਿ ਗਈ। ਰਾਹਤ ਅਤੇ ਬਚਾਅ ਟੀਮਾਂ ਮਲਬੇ ਹੇਠ ਫਸੇ ਲੋਕਾਂ ਨੂੰ ਕੱਢਣ ਵਿੱਚ ਰੁੱਝੀਆਂ ਹੋਈਆਂ ਹਨ।

ਹਮਲੇ ਵਿੱਚ ਕੀਵ ਦੇ ਕਈ ਇਲਾਕਿਆਂ ਵਿੱਚ ਰਿਹਾਇਸ਼ੀ ਇਮਾਰਤਾਂ, ਹਸਪਤਾਲਾਂ ਅਤੇ ਖੇਡ ਕੇਂਦਰਾਂ ਨੂੰ ਨੁਕਸਾਨ ਪਹੁੰਚਿਆ ਹੈ। ਸਭ ਤੋਂ ਵੱਧ ਤਬਾਹੀ ਸ਼ੇਵਚੇਨਕੀਵਸਕੀ ਜ਼ਿਲ੍ਹੇ ਵਿੱਚ ਹੋਈ।

ਇਸ ਤੋਂ ਇਲਾਵਾ, ਕੀਵ ਤੋਂ ਲਗਭਗ 85 ਕਿਲੋਮੀਟਰ ਦੂਰ ਬਿਲਾ ਤਸੇਰਕਵਾ ਸ਼ਹਿਰ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ 8 ਲੋਕ ਜ਼ਖਮੀ ਹੋ ਗਏ।

# ਫਿਰੋਜ਼ਪੁਰ ਪੁਲਿਸ ਦੋ ਨਸ਼ਾ ਤਸਕਰਾਂ ਨੂੰ ਕੀਤਾ ਗ੍ਰਿਫ਼ਤਾਰ, 25 ਕਰੋੜ ਰੁਪਏ ਦੀ ਹੈਰੋਇਨ ਬਰਾਮਦ




ਫਿਰੋਜ਼ਪੁਰ, 23 ਜੂਨ (ਪੋਸਟ ਬਿਊਰੋ): ਫਿਰੋਜ਼ਪੁਰ ਪੁਲਿਸ ਨੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕੀਤੀ, ਕਾਰਵਾਈ ਕਰਦੇ ਹੋਏ ਦੋ ਵੱਖ-ਵੱਖ ਮਾਮਲਿਆਂ ਵਿੱਚ ਦੋ ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਉਨ੍ਹਾਂ ਤੋਂ ਪੰਜ ਕਿਲੋ ਹੈਰੋਇਨ ਬਰਾਮਦ ਕੀਤੀ ਹੈ, ਜਿਸਦੀ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੀਮਤ 25 ਕਰੋੜ ਰੁਪਏ ਤੋਂ ਵੱਧ ਦੱਸੀ ਜਾਂਦੀ ਹੈ। ਇਸ ਵੱਡੀ ਖੇਪ ਦੀ ਬਰਾਮਦਗੀ ਨੇ ਨਸ਼ਾ ਤਸਕਰੀ ਦੇ ਨੈੱਟਵਰਕ ਨੂੰ ਵੱਡਾ ਝਟਕਾ ਦਿੱਤਾ ਹੈ।

ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਪਛਾਣ ਨਿਰਮਲ ਸਿੰਘ ਉਰਫ਼ ਸੋਨੂੰ (25) ਵਾਸੀ ਨਿਹੰਗਾਂ ਵਾਲੇ ਝੁੱਗੇ, ਥਾਣਾ ਸਦਰ, ਫਿਰੋਜ਼ਪੁਰ ਅਤੇ ਗੁਰਜੀਤ ਸਿੰਘ (24) ਵਾਸੀ ਪਿੰਡ ਖਾਨੇਕੇ, ਥਾਣਾ ਸਦਰ, ਫਿਰੋਜ਼ਪੁਰ ਵਜੋਂ ਹੋਈ ਹੈ।

ਐੱਸਐੱਸਪੀ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਪਹਿਲੇ ਮਾਮਲੇ ਵਿੱਚ ਥਾਣਾ ਘੱਲ ਖੁਰਦ ਦੀ ਪੁਲਿਸ ਨੇ ਪਿੰਡ ਰੱਤਾ ਖੇੜਾ ਦੇ ਸੇਮਨਾਲੇ ਵਿਖੇ ਨਾਕਾਬੰਦੀ ਦੌਰਾਨ ਇੱਕ ਬਾਈਕ ਸਵਾਰ ਨਿਰਮਲ ਸਿੰਘ ਨੂੰ ਗ੍ਰਿਫ਼ਤਾਰ ਕੀਤਾ। ਤਲਾਸ਼ੀ ਦੌਰਾਨ ਉਸ ਤੋਂ 4 ਕਿਲੋ 516 ਗ੍ਰਾਮ ਹੈਰੋਇਨ ਬਰਾਮਦ ਹੋਈ।

ਦੂਜੇ ਮਾਮਲੇ ਵਿੱਚ ਸੀਆਈਏ ਸਟਾਫ਼ ਟੀਮ ਨੇ ਮੁਲਜ਼ਮ ਗੁਰਜੀਤ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਹੈ। ਉਨ੍ਹਾਂ ਦੀ ਜਾਣਕਾਰੀ 'ਤੇ ਪਿੰਡ ਰੱਖੜੀ ਦੇ ਇੱਕ ਬੰਦ ਸ਼ੈਲਰ ਤੋਂ 400 ਗ੍ਰਾਮ ਹੈਰੋਇਨ ਬਰਾਮਦ ਕੀਤੀ ਗਈ। ਐੱਸਐੱਸਪੀ ਨੇ ਇਹ ਵੀ ਕਿਹਾ ਕਿ ਗੁਰਜੀਤ ਸਿੰਘ ਵਿਰੁੱਧ ਅਸਲਾ ਐਕਟ ਤਹਿਤ ਪਹਿਲਾਂ ਹੀ ਦੋ ਮਾਮਲੇ ਦਰਜ ਹਨ।

ਪੁਲਿਸ ਇਨ੍ਹਾਂ ਤੋਂ ਪੁੱਛਗਿੱਛ ਕਰ ਰਹੀ ਹੈ ਅਤੇ ਇਸ ਦੌਰਾਨ ਕਈ ਹੋਰ ਮਹੱਤਵਪੂਰਨ ਜਾਣਕਾਰੀਆਂ ਮਿਲਣ ਦੀ ਉਮੀਦ ਹੈ। ਇਸ ਜਾਣਕਾਰੀ ਨਾਲ ਨਸ਼ਾ ਤਸਕਰੀ ਦੇ ਇੱਕ ਵੱਡੇ ਸਿੰਡੀਕੇਟ ਦਾ ਪਰਦਾਫਾਸ਼ ਹੋ ਸਕਦਾ ਹੈ।

# ਤੂੜੀ ਦੀ ਟਰਾਲੀ ਨਾਲ ਟਕਰਾਇਆ ਮੋਟਰਸਾਈਕਲ, ਫਤਹਿਗੜ੍ਹ ਚੂੜੀਆਂ ਵਿੱਚ 2 ਨਾਬਾਲਿਗਾਂ ਦੀ ਮੌਤ







ਬਟਾਲਾ, 23 ਜੂਨ (ਪੋਸਟ ਬਿਊਰੋ): ਪੰਜਾਬ ਦੇ ਫਤਹਿਗੜ੍ਹ ਚੂੜੀਆਂ-ਡੇਰਾ ਬਾਬਾ ਨਾਨਕ ਹਾਈਵੇਅ 'ਤੇ ਸੜਕ ਹਾਦਸੇ ਵਿੱਚ ਦੋ ਨਾਬਾਲਿਗਾਂ ਦੀ ਮੌਤ ਹੋ ਗਈ। ਇਹ ਹਾਦਸਾ ਪਿੰਡ ਨਿਕੋਸਰਾ ਨੇੜੇ ਦੇਰ ਰਾਤ ਵਾਪਰਿਆ। ਮ੍ਰਿਤਕਾਂ ਦੀ ਪਛਾਣ 15 ਸਾਲਾ ਮਨਜੋਤ ਸਿੰਘ, ਪੁੱਤਰ ਰਣਜੀਤ ਸਿੰਘ ਅਤੇ 14 ਸਾਲਾ ਸੁਭਦੀਪ ਸਿੰਘ ਪੁੱਤਰ ਰਾਜਬੀਰ ਸਿੰਘ ਵਜੋਂ ਹੋਈ ਹੈ, ਜੋ ਪਿੰਡ ਚੱਕ ਮਹਿਮਾ ਦੇ ਵਸਨੀਕ ਹਨ।

ਜਾਣਕਾਰੀ ਅਨੁਸਾਰ ਬੱਚਿਆਂ ਦਾ ਮੋਟਰਸਾਈਕਲ ਸੜਕ ਦੇ ਵਿਚਕਾਰ ਪਲਟੀ ਤੂੜੀ ਦੀ ਟਰਾਲੀ ਨਾਲ ਟਕਰਾ ਗਿਆ, ਜਿਸ ਕਾਰਨ ਦੋਵਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਪੁਲਿਸ ਨੇ ਲਾਸ਼ਾਂ ਨੂੰ ਕਬਜ਼ੇ ਵਿੱਚ ਲੈ ਕੇ ਪੋਸਟਮਾਰਟਮ ਲਈ ਸਰਕਾਰੀ ਹਸਪਤਾਲ ਭੇਜ ਦਿੱਤਾ ਹੈ ਅਤੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ।

ਮ੍ਰਿਤਕ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਉਹਨਾਂ ਦੇ ਪੁੱਤਰ ਦੋਨੇਂ ਆਪਸ ਵਿੱਚ ਦੋਸਤ ਸਨ ਤੇ ਇਹ ਬੀਤੀ ਰਾਤ ਕਰੀਬ 9 ਵਜੇ ਪਿੰਡ ਨਿਕੋਸਰਾ ਪੈਟਰੋਲ ਪੰਪ ਤੋਂ ਤੇਲ ਪਵਾਉਣ ਲਈ ਜਾ ਰਹੇ ਸਨ । ਰਸਤੇ ਵਿੱਚ ਪਰਾਲੀ ਵਾਲੀ ਟਰਾਲੀ ਪਲਟੀ ਪਈ ਸੀ ਜਿਸ ਨਾਲ ਇਹਨਾਂ ਦੇ ਮੋਟਰਸਾਈਕਲ ਦੀ ਹੋਈ ਭਿਆਨਕ ਟੱਕਰ ਵਿੱਚ ਦੋਵਾਂ ਦੋਸਤਾਂ ਦੀ ਮੌਕੇ ਤੇ ਹੀ ਮੌਤ ਹੋ ਗਈ।

ਮ੍ਰਿਤਕ ਨੌਜਵਾਨਾਂ ਦੇ ਪਰਿਵਾਰਾਂ ਅਤੇ ਸਥਾਨਕ ਵਾਸੀਆਂ ਨੇ ਦੱਸਿਆ ਕਿ ਸਵੇਰ ਤੋਂ ਪਲਟੀ ਹੋਈ ਇਸ ਟਰਾਲੀ ਨੂੰ ਟਰੈਕਟਰ ਚਾਲਕ ਉਥੇ ਹੀ ਛੱਡ ਕੇ ਆਪਣਾ ਟਰੈਕਟਰ ਲੈ ਕੇ ਚਲਾ ਗਿਆ ਸੀ ਜੇ ਸਮਾਂ ਰਹਿੰਦਿਆਂ ਇਸ ਰੋਡ ਨੂੰ ਖਾਲੀ ਕਰਾਇਆ ਹੁੰਦਾ ਤਾਂ ਇਹ ਵੱਡਾ ਹਾਦਸਾ ਹੋਣੋਂ ਟਲ ਸਕਦਾ ਸੀ। ਮ੍ਰਿਤਕ ਨੌਜਵਾਨਾਂ ਦੇ ਪਰਿਵਾਰਕ ਮੈਂਬਰਾਂ ਵੱਲੋਂ ਇਨਸਾਫ ਦੀ ਮੰਗ ਕੀਤੀ ਜਾ ਰਹੀ ਹੈ।

# ਸਾਈਕਲ 'ਤੇ ਸਵਾਰ ਪਤੀ, ਪਤਨੀ ਤੇ ਬੇਟੀ 'ਤੇ ਪਲਟਿਆ ਮੂੰਗਫਲੀ ਦੇ ਛਿਲਕੇ ਨਾਲ ਭਰਿਆ ਟਰੱਕ, ਮੌਤ



ਸੀਕਰ, 23 ਜੂਨ (ਪੋਸਟ ਬਿਊਰੋ): ਰਾਜਿੰਦਰ ਗੁਰਜਰ ਆਪਣੀ ਬੇਟੀ ਅਤੇ ਪਤਨੀ ਨਾਲ ਆਪਣੇ ਪਿੰਡ ਚਤਰਪੁਰਾ ਤੋਂ ਅਜੀਤਗੜ੍ਹ ਦੇ ਜਗਦੀਸ਼ ਧਾਮ ਮੰਦਰ ਜਾ ਰਹੇ ਸਨ। ਰਾਜਿੰਦਰ ਐਤਵਾਰ ਸਵੇਰੇ ਆਪਣੇ ਘਰੋਂ ਨਿਕਲੇ ਸਨ। ਸਵੇਰੇ 8 ਵਜੇ ਦੇ ਕਰੀਬ, ਮੂੰਗਫਲੀ ਦੇ ਛਿਲਕਿਆਂ ਨਾਲ ਭਰਿਆ ਇੱਕ ਟਰੱਕ ਅਚਾਨਕ ਧਾਰਾਜੀ ਘਾਟੀ 'ਤੇ ਪਲਟ ਗਿਆ।

ਅਜੀਤਗੜ੍ਹ ਦੇ ਥਾਣੇਦਾਰ ਮੁਕੇਸ਼ ਸੇਪਟ ਨੇ ਦੱਸਿਆ ਕਿ ਕੱਲ੍ਹ ਹਾਦਸੇ ਦੀ ਜਾਣਕਾਰੀ ਮਿਲਣ ਤੋਂ ਬਾਅਦ, ਟੀਮ ਮੌਕੇ 'ਤੇ ਪਹੁੰਚੀ ਅਤੇ ਟਰੱਕ ਦਾ ਅਗਲਾ ਹਿੱਸਾ ਹਟਾ ਦਿੱਤਾ। ਸੋਮਵਾਰ ਸਵੇਰੇ 8 ਵਜੇ ਦੇ ਕਰੀਬ ਜਦੋਂ ਮੂੰਗਫਲੀ ਦੇ ਛਿਲਕੇ ਕੱਢੇ ਜਾ ਰਹੇ ਸਨ, ਤਾਂ ਤਿੰਨਾਂ ਦੀਆਂ ਲਾਸ਼ਾਂ ਉੱਥੇ ਦੱਬੀਆਂ ਹੋਈਆਂ ਮਿਲੀਆਂ।

ਜਦੋਂ ਸੋਮਵਾਰ ਨੂੰ ਤਿੰਨਾਂ ਦੀਆਂ ਲਾਸ਼ਾਂ ਮਿਲੀਆਂ ਤਾਂ ਪਿੰਡ ਵਾਸੀ ਗੁੱਸੇ ਵਿੱਚ ਆ ਗਏ ਅਤੇ ਵਿਰੋਧ ਪ੍ਰਦਰਸ਼ਨ ਕਰਨ ਲੱਗੇ। ਘਟਨਾ ਜ਼ਿਲ੍ਹੇ ਦੇ ਸ਼ਾਹਪੁਰਾ ਇਲਾਕੇ ਦੇ ਧਰਾਜੀ ਘਾਟ ਦੀ ਹੈ। ਜਾਣਕਾਰੀ ਅਨੁਸਾਰ, ਰਾਜਿੰਦਰ ਗੁਰਜਰ (28) ਆਪਣੀ ਪਤਨੀ ਅਨੁ ਗੁਰਜਰ (22) ਅਤੇ ਢਾਈ ਸਾਲ ਦੀ ਬੇਟੀ ਅਯਾਂਸ਼ੀ ਨਾਲ ਮੰਦਰ ਜਾ ਰਹੇ ਸਨ। ਤਿੰਨੋਂ ਇੱਕ ਸਾਈਕਲ 'ਤੇ ਸਵਾਰ ਸਨ। ਇਸ ਦੌਰਾਨ ਚਾਰੇ ਨਾਲ ਭਰਿਆ ਇੱਕ ਟਰੱਕ ਪਲਟ ਗਿਆ ਅਤੇ ਤਿੰਨੇ ਦੱਬ ਗਏ। ਪਰਿਵਾਰਕ ਮੈਂਬਰਾਂ ਨੇ ਦੱਸਿਆ ਕਿ ਅਨੂ ਵੀ ਗਰਭਵਤੀ ਸੀ। ਕੱਲ੍ਹ ਸਵੇਰ ਤੋਂ ਹੀ ਉਨ੍ਹਾਂ ਦੋਨਾਂ ਦੇ ਫ਼ੋਨ ਬੰਦ ਸਨ।

ਅਜੀਤਗੜ੍ਹ ਪੁਲਿਸ ਥਾਣੇ ਦੇ ਅਧਿਕਾਰੀ ਮੁਕੇਸ਼ ਸੇਪਟ ਨੇ ਦੱਸਿਆ ਕਿ ਕੱਲ੍ਹ ਹਾਦਸੇ ਦੀ ਜਾਣਕਾਰੀ ਮਿਲਣ ਤੋਂ ਬਾਅਦ, ਟੀਮ ਮੌਕੇ 'ਤੇ ਪਹੁੰਚੀ ਅਤੇ ਟਰੱਕ ਦਾ ਅਗਲਾ ਹਿੱਸਾ ਹਟਾ ਦਿੱਤਾ। ਸੋਮਵਾਰ ਸਵੇਰੇ 8 ਵਜੇ ਦੇ ਕਰੀਬ ਜਦੋਂ ਮੂੰਗਫਲੀ ਦੇ ਛਿਲਕੇ ਹਟਾਏ ਜਾ ਰਹੇ ਸਨ, ਤਾਂ ਤਿੰਨਾਂ ਦੀਆਂ ਲਾਸ਼ਾਂ ਉੱਥੇ ਦੱਬੀਆਂ ਹੋਈਆਂ ਮਿਲੀਆਂ।

# 3 ਇੰਡੀਗੋ ਅਧਿਕਾਰੀਆਂ ਵਿਰੁੱਧ ਐੱਸਸੀ/ਐੱਸਟੀ ਐਕਟ ਤਹਿਤ ਮਾਮਲਾ ਦਰਜ, ਟ੍ਰੇਨੀ ਪਾਇਲਟ ਨੇ ਗੁਰੂਗ੍ਰਾਮ ਵਿੱਚ ਜਾਤੀ ਸੂਚਕ ਟਿੱਪਣੀਆਂ ਦਾ ਲਾਇਆ ਦੋਸ਼




ਗੁਰੂਗ੍ਰਾਮ, 23 ਜੂਨ (ਪੋਸਟ ਬਿਊਰੋ): ਹਰਿਆਣਾ ਦੇ ਗੁਰੂਗ੍ਰਾਮ ਵਿੱਚ, ਇੰਡੀਗੋ ਏਅਰਲਾਈਨਜ਼ ਦੇ ਇੱਕ ਟ੍ਰੇਨੀ ਪਾਇਲਟ ਨੇ ਫਲਾਈਟ ਦੇ ਕੈਪਟਨ ਸਮੇਤ 3 ਲੋਕਾਂ ਵਿਰੁੱਧ ਐੱਸਸੀ/ਐੱਸਟੀ ਐਕਟ ਤਹਿਤ ਐੱਫਆਈਆਰ ਦਰਜ ਕਰਵਾਈ ਹੈ। ਟ੍ਰੇਨੀ ਪਾਇਲਟ ਨੇ ਦੋਸ਼ ਲਗਾਇਆ ਕਿ ਇੱਕ ਮੀਟਿੰਗ ਵਿੱਚ ਉਸਦਾ ਅਪਮਾਨ ਕੀਤਾ ਗਿਆ ਅਤੇ ਜਾਤੀਵਾਦੀ ਟਿੱਪਣੀਆਂ ਕੀਤੀਆਂ ਗਈਆਂ।

ਜਾਤੀਵਾਦੀ ਟਿੱਪਣੀਆਂ ਦੇ ਨਾਲ, ਇਹ ਕਿਹਾ ਗਿਆ- ਤੁਸੀਂ ਉਡਾਣ ਉਡਾਉਣ ਦੇ ਯੋਗ ਨਹੀਂ ਹੋ, ਤੁਸੀਂ ਵਾਪਸ ਜਾਓ ਅਤੇ ਚੱਪਲਾਂ ਸਿਲਾਈ ਕਰੋ।

ਗੁਰੂਗ੍ਰਾਮ ਵਿੱਚ ਮੀਟਿੰਗ ਤੋਂ ਬਾਅਦ, ਟ੍ਰੇਨੀ ਪਾਇਲਟ ਨੇ ਬੰਗਲੁਰੂ ਵਿੱਚ ਆਪਣੇ ਨਾਲ ਵਾਪਰੀ ਘਟਨਾ ਬਾਰੇ ਪੁਲਿਸ ਨੂੰ ਸ਼ਿਕਾਇਤ ਕੀਤੀ। ਕਰਨਾਟਕ ਪੁਲਿਸ ਨੇ ਜ਼ੀਰੋ ਐੱਫਆਈਆਰ ਦਰਜ ਕਰਕੇ ਗੁਰੂਗ੍ਰਾਮ ਭੇਜ ਦਿੱਤੀ ਹੈ। ਇਸ ਤੋਂ ਬਾਅਦ, ਗੁਰੂਗ੍ਰਾਮ ਦੇ ਡੀਐੱਲਐੱਫ ਫੇਜ਼-1 ਪੁਲਿਸ ਥਾਣੇ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ ਅਤੇ ਜਾਂਚ ਸ਼ੁਰੂ ਕਰ ਦਿੱਤੀ ਗਈ ਹੈ। ਹਾਲਾਂਕਿ, ਏਅਰਲਾਈਨਜ਼ ਨੇ ਇਨ੍ਹਾਂ ਦੋਸ਼ਾਂ ਨੂੰ ਝੂਠਾ ਦੱਸਿਆ ਹੈ। ਉਨ੍ਹਾਂ ਇਹ ਵੀ ਕਿਹਾ ਹੈ ਕਿ ਉਹ ਕਾਨੂੰਨੀ ਕਾਰਵਾਈ ਵਿੱਚ ਸਹਿਯੋਗ ਕਰਨਗੇ।

# ਫਰਾਂਸ ਵਿੱਚ ਲਾੜੇ ਅਤੇ ਲਾੜੀ 'ਤੇ ਚਲਾਈਆਂ ਗੋਲੀਆਂ, ਲਾੜੀ ਦੀ ਮੌਤ ਹੋ ਗਈ



ਪੈਰਿਸ, 23 ਜੂਨ (ਪੋਸਟ ਬਿਊਰੋ): ਫਰਾਂਸ ਦੇ ਇੱਕ ਛੋਟੇ ਜਿਹੇ ਪਿੰਡ ਗਾਲਟ ਵਿੱਚ ਇੱਕ ਵਿਆਹ ਦੌਰਾਨ, ਕੁਝ ਨਕਾ-ਬਪੋਸ਼ ਹਮਲਾਵਰਾਂ ਨੇ ਲਾੜੇ ਅਤੇ ਲਾੜੇ 'ਤੇ ਗੋਲੀਬਾਰੀ ਕੀਤੀ। ਇਸ ਹਮਲੇ ਵਿੱਚ, ਲਾੜੀ ਦੀ ਮੌਕੇ 'ਤੇ ਹੀ ਮੌਤ ਹੋ ਗਈ, ਜਦੋਂਕਿ ਲਾੜਾ ਅਤੇ ਇੱਕ 13 ਸਾਲਾ ਬੱਚਾ ਗੰਭੀਰ ਜ਼ਖਮੀ ਹੋ ਗਿਆ। ਇਸ ਗੋਲੀਬਾਰੀ ਵਿੱਚ ਇੱਕ ਹਮਲਾਵਰ ਵੀ ਮਾਰਿਆ ਗਿਆ। ਪੁਲਿਸ ਦਾ ਕਹਿਣਾ ਹੈ ਕਿ ਬਾਕੀ ਹਮਲਾਵਰ ਮੌਕੇ ਤੋਂ ਭੱਜ ਗਏ ਹਨ ਅਤੇ ਉਨ੍ਹਾਂ ਦੀ ਭਾਲ ਜਾਰੀ ਹੈ।

ਇਹ ਘਟਨਾ ਐਤਵਾਰ ਸਵੇਰੇ ਲਗਭਗ 4:30 ਵਜੇ (ਫਰਾਂਸੀਸੀ ਸਮੇਂ ਅਨੁਸਾਰ) ਵਾਪਰੀ ਜਦੋਂ 27 ਸਾਲਾ ਲਾੜੀ ਅਤੇ 25 ਸਾਲਾ ਲਾੜਾ ਵਿਆਹ ਸਮਾਰੋਹ ਤੋਂ ਬਾਹਰ ਜਾ ਰਹੇ ਸਨ। ਫਿਰ ਕੁਝ ਲੋਕ ਤਿੰਨ ਵਾਹਨਾਂ ਵਿੱਚ ਆਏ ਅਤੇ ਗੋਲੀਬਾਰੀ ਸ਼ੁਰੂ ਕਰ ਦਿੱਤੀ। ਘਟਨਾ ਸਮੇਂ ਵਿਆਹ ਹਾਲ ਵਿੱਚ 28 ਲੋਕ ਮੌਜੂਦ ਸਨ। ਪੁਲਿਸ ਨੂੰ ਸ਼ੱਕ ਹੈ ਕਿ ਇਹ ਹਮਲਾ ਨਸ਼ੇ ਦੇ ਕਾਰੋਬਾਰ ਨਾਲ ਜੁੜੀ ਪੁਰਾਣੀ ਰੰਜਿਸ਼ ਕਾਰਨ ਹੋਇਆ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**

## ਲੜਕੀ ਦੀ ਲੋੜ

ਰਾਮਗੜ੍ਹੀਆ ਸਿੱਖ ਲੜਕਾ, 26 ਸਾਲ, 5ਫੁੱਟ, 9ਇੰਚ, ਵਰਕ ਪਰਮਿਟ, ਟਰੱਕ ਡਰਾਈਵਰ, ਨਾਨਡ੍ਰਿੰਕਿੰਗ ਲਈ, ਪੀ.ਆਰ./ਸਿਟੀਜ਼ਨ ਲੜਕੀ ਦੀ ਲੋੜ। ਸੰਪਰਕ: sukh25125@gmail.com ਜਾਂ ਵਟਸਐਪ +16723355016, ਕੋਈ ਜਾਤੀ ਬੰਧਨ ਨਹੀਂ। ਮੈਰਿਜ ਬਿਊਰੋ ਵਾਲੇ ਮੁਆਫ ਕਰਨ।

ਲੁਬਾਣਾ ਸਿੱਖ, 1989 ਕਲੀਨਸ਼ੇਵ, ਗੋਰਾ ਰੰਗ, ਕੱਦ 5'8, ਕੈਨੇਡਾ ਵਿੱਚ ਸਥਾਈ ਨਿਵਾਸੀ (**Italian citizen**) ਲਈ ਖੂਬਸੂਰਤ ਅਤੇ ਪੜ੍ਹੀ ਲਿਖੀ ਲੜਕੀ ਦੀ ਲੋੜ। ਸੰਪਰਕ- 647-449-6746 ਜਾਂ 250-793-0527

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸੈਲ ਐਡ ਫਿਕਸ



ਟ੍ਰਕ ਡਰਾਇਵਰਾਂ ਤੇ ਸਟੂਡੈਂਟਾਂ ਲਈ ਧਮਾਕੇਦਾਰ ਤੇ ਸਸਤੇ ਫੋਨ ਪਲੈਨ।
ਫੋਨ: 905-790-9999
2565 Steeles Ave E unit 3, Brampton, ON L6T 4L6

Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Natasha Mahal
Co-Host
Iqbal Mahal
Producer & Host
Serving the South Asian Community Since 1976

## ਲੜਕੀ ਦੀ ਲੋੜ

**Well settled Canada Citizen Khatri Boy,** Punjabi Vegetarian, No Drinking/smoking family, Handsome, M.Com LLB 1987 6"ft. height. Legally devorced, very short marriage. Senior service, Loan officer in Major Canada Bank. We are close knit family, requires all-caste, punjabi educated girl in Canada OR INDIA. New Comers also Considered on PR. Work permit Parents. Please Call or whattsapp +1 437-446 8681

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

(905)793-2202
You can Place Your Business Here
To Reach Wider Audience
For more info Call 905-793-2202 or e-mail ads@punjabipost.ca

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿਗ ਲਈ 20 ਸਾਲਾਂ ਤੇ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਧਨੋਆ
416.230.4000 • 647.409.1092
www.STARLANEPAINTING.com

## ਲੜਕੇ ਦੀ ਲੋੜ

suitable match for **Sikh Jatt Girl.** Born in Jan 1995, 5'5" tall. **working with the Government of Canada** and resides in Canada. She is a blend of modern values and traditional upbringing—cultured, respectful, and family-oriented.

looking for a professionally qualified, well-settled Sikh Jatt boy from a respectable family, preferably residing in Canada.
**Contact: +1 306 302 9009**

ਗਿੱਲ ਜੱਟ ਸਿੱਖ, 1992, ਇੱਕਲੌਤੀ, B.Tech. ਲੜਕੀ ਲਈ ਗੁਰਸਿੱਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3'', ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈੱਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

# ਬੀ2 ਬੰਬਾਰਜ਼ ਨੇ ਈਰਾਨ ’ਤੇ ਹਮਲਾ ਕਰਨ ਲਈ 37 ਘੰਟੇ ਉਡਾਣ ਭਰੀ, 14 ਹਜ਼ਾਰ ਕਿਲੋ ਦੇ ਬੰਬ ਸੁੱਟੇ

ਵਾਸ਼ਿੰਗਟਨ, 23 ਜੂਨ (ਪੋਸਟ ਬਿਊਰੋ): ਅਮਰੀਕਾ ਨੇ ਐਤਵਾਰ ਸਵੇਰੇ 7 ਬੀ-2 ਬੰਬਾਰਾਂ ਨਾਲ ਈਰਾਨ ਦੇ 3 ਪ੍ਰਮਾਣੂ ਟਿਕਾਣਿਆਂ 'ਤੇ ਹਮਲਾ ਕੀਤਾ। ਇਹ ਅੱਡੇ ਈਰਾਨ ਦੇ ਫੋਰਡੋ, ਨਤਾਨਜ਼ ਅਤੇ ਇਸਫਾਹਾਨ ਵਿੱਚ ਹਨ।

ਈਰਾਨੀ ਪ੍ਰਮਾਣੂ ਟਿਕਾਣਿਆਂ 'ਤੇ ਮਿਜ਼ਾਈਲਾਂ ਸੁੱਟਣ ਤੋਂ ਲਗਭਗ 13 ਘੰਟੇ ਬਾਅਦ, ਅਮਰੀਕੀ ਰੱਖਿਆ ਮੰਤਰੀ ਅਤੇ ਸੰਯੁਕਤ ਚੀਫ਼ ਆਫ਼ ਸਟਾਫ ਜਨਰਲ ਡੈਨ ਕੇਨ ਨੇ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕੀਤਾ। ਇਸ ਵਿੱਚ, ਜਨਰਲ ਡੈਨ ਕੇਨ ਨੇ ਕਿਹਾ ਕਿ ਈਰਾਨ ਵਿੱਚ ਕਾਰਵਾਈ ਦਾ ਨਾਮ 'ਓਪਰੇਸ਼ਨ ਮਿਡਨਾਈਟ-ਹੈਮਰ' ਸੀ। ਇਸ ਵਿੱਚ 125 ਤੋਂ ਵੱਧ ਜੈੱਟ ਸ਼ਾਮਿਲ ਸਨ।

ਹਮਲੇ ਤੋਂ ਪਹਿਲਾਂ, ਬੀ-2 ਬੰਬਾਰ ਨੇ 20 ਜੂਨ ਨੂੰ ਅਮਰੀਕਾ ਦੇ ਮਿਸੂਰੀ ਵ੍ਹਾਈਟ-ਮੈਨ ਏਅਰ ਫੋਰਸ ਬੇਸ ਤੋਂ ਉਡਾਣ ਭਰੀ। ਇਸ ਜਹਾਜ਼ ਨੇ ਲਗਭਗ



37 ਘੰਟੇ ਬਿਨ੍ਹਾਂ ਰੁਕੇ ਉਡਾਣ ਭਰੀ ਅਤੇ ਹਵਾ ਵਿੱਚ ਕਈ ਵਾਰ ਤੇਲ ਭਰਿਆ।

ਬੀ-2 ਬੰਬਾਰ ਨੇ ਫੋਰਡੋ ਅਤੇ ਨਤਾਨਜ਼ ਸਾਈਟਾਂ 'ਤੇ 30 ਹਜ਼ਾਰ ਪੌਂਡ (14 ਹਜ਼ਾਰ ਕਿਲੋਗ੍ਰਾਮ) ਭਾਰ ਵਾਲੇ ਇੱਕ ਦਰਜਨ ਤੋਂ ਵੱਧ ਜੀਬੀਯੂ-57 ਬੰਬ (ਬੰਕਰ ਬਸਟਰ) ਸੁੱਟੇ। ਇਸ ਦੇ ਨਾਲ ਹੀ, ਇਸਫਾਹਨ ਅਤੇ ਨਤਾਨਜ਼ 'ਤੇ 30 ਟੋਮਾਹਾਕ ਕਰੂਜ਼ ਮਿਜ਼ਾਈਲਾਂ ਦਾਗੀਆਂ ਗਈਆਂ। ਇਹ 400 ਮੀਲ ਦੂਰ ਅਮਰੀਕੀ ਪਣਡੁੱਬੀਆਂ ਤੋਂ ਲਾਂਚ ਕੀਤੀਆਂ ਗਈਆਂ ਸਨ।

ਜਨਰਲ ਕੇਨ ਨੇ ਕਿਹਾ ਕਿ ਇਸ ਮਿਸ਼ਨ ਵਿੱਚ ਇੱਕ ਧੋਖਾਧੜੀ ਦੀ ਰਣਨੀਤੀ ਵੀ ਅਪਣਾਈ ਗਈ ਸੀ। ਇਸ ਵਿੱਚ, ਕੁਝ ਬੰਬਾਰ ਪ੍ਰਸ਼ਾਂਤ ਮਹਾਸਾਗਰ ਵਿੱਚ ਤਾਇਨਾਤ ਕੀਤੇ ਗਏ ਸਨ, ਤਾਂ ਜੋ ਈਰਾਨ ਸੋਚੇ ਕਿ ਹਮਲਾ ਪ੍ਰਸ਼ਾਂਤ ਮਹਾਸਾਗਰ ਤੋਂ ਆਵੇਗਾ, ਜਦੋਂਕਿ ਅਸਲ ਹਮਲਾ ਵ੍ਹਾਈਟ-ਮੈਨ ਏਅਰ ਫੋਰਸ ਬੇਸ ਤੋਂ ਕੀਤਾ ਗਿਆ ਸੀ।

ਜਨਰਲ ਕੇਨ ਨੇ ਕਿਹਾ ਕਿ ਪੂਰਾ ਆਪ੍ਰੇਸ਼ਨ ਬਹੁਤ ਗੁਪਤ ਸੀ ਅਤੇ ਸਿਰਫ ਕੁਝ ਚੁਣੇ ਹੋਏ ਅਮਰੀਕੀ ਫੌਜੀ ਨੇਤਾਵਾਂ ਨੂੰ ਇਸ ਬਾਰੇ ਪਤਾ ਸੀ। ਉਨ੍ਹਾਂ ਕਿਹਾ ਕਿ ਇਹ 11 ਸਤੰਬਰ, 2001 ਦੇ ਹਮਲਿਆਂ ਤੋਂ ਬਾਅਦ ਸਭ ਤੋਂ ਲੰਬਾ ਬੀ-2 ਮਿਸ਼ਨ ਸੀ।

## ਆਂਧਰਾ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਜਗਨ ਮੋਹਨ ਰੈੱਡੀ ਵਿਰੁੱਧ ਐੱਫਆਈਆਰ

**ਰੋਡ ਸ਼ੋਅ ਦੌਰਾਨ ਉਨ੍ਹਾਂ ਦੀ ਕਾਰ ਨੇ ਇੱਕ ਵਿਅਕਤੀ ਨੂੰ ਕੁਚਲ ਦਿੱਤਾ ਸੀ**

ਹੈਦਰਾਬਾਦ, 23 ਜੂਨ (ਪੋਸਟ ਬਿਊਰੋ): ਆਂਧਰਾ ਪ੍ਰਦੇਸ਼ ਦੇ ਸਾਬਕਾ ਮੁੱਖ ਮੰਤਰੀ ਜਗਨ ਮੋਹਨ ਰੈੱਡੀ ਵਿਰੁੱਧ ਹਿੱਟ ਐਂਡ ਰਨ ਮਾਮਲੇ ਵਿੱਚ ਐੱਫਆਈਆਰ ਦਰਜ ਕੀਤੀ ਗਈ ਹੈ। ਇਹ ਜਾਣਕਾਰੀ ਗੁੰਟੂਰ ਜ਼ਿਲ੍ਹੇ ਦੇ ਐੱਸਪੀ ਐੱਸ ਸਤੀਸ਼ ਕੁਮਾਰ ਨੇ ਐਤਵਾਰ ਦੇਰ ਰਾਤ ਇੱਕ ਪ੍ਰੈੱਸ ਕਾਨਫਰੰਸ ਵਿੱਚ ਦਿੱਤੀ।



ਐੱਸਪੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਦੀ ਕਾਰ ਨੇ 5 ਦਿਨ ਪਹਿਲਾਂ ਇੱਕ ਰੋਡ ਸ਼ੋਅ ਦੌਰਾਨ ਇੱਕ 53 ਸਾਲਾ ਵਿਅਕਤੀ ਨੂੰ ਕੁਚਲ ਦਿੱਤਾ ਸੀ। ਹਸਪਤਾਲ ਲਿਜਾਂਦੇ ਸਮੇਂ ਉਸਦੀ ਮੌਤ ਹੋ ਗਈ। ਮ੍ਰਿਤਕ ਦਾ ਨਾਮ ਚਿਲੀ ਸਿੰਘਈਆ ਹੈ। ਉਹ ਜਗਨ ਦੀ ਪਾਰਟੀ ਵਾਈਐੱਸਆਰਸੀਪੀ ਦਾ ਵਰਕਰ ਸੀ। ਵੀਡੀਓ ਸਾਹਮਣੇ ਆਉਣ ਤੋਂ ਬਾਅਦ ਕਾਰਵਾਈ ਕੀਤੀ ਗਈ।

ਇਹ ਘਟਨਾ 18 ਜੂਨ ਨੂੰ ਵਾਪਰੀ ਸੀ। ਜਗਨ ਪਲਨਾਡੂ ਜ਼ਿਲ੍ਹੇ ਦੇ ਰੈਂਟਪੱਲਾ ਪਿੰਡ ਵਿੱਚ ਇੱਕ ਪਾਰਟੀ ਵਰਕਰ ਦੇ ਪਰਿਵਾਰ ਨੂੰ ਮਿਲਣ ਜਾ ਰਿਹਾ ਸੀ। ਵਰਕਰ ਨੇ ਪਿਛਲੇ ਸਾਲ ਪੁਲਿਸ ਦੀ ਪ੍ਰੇਸ਼ਾਨੀ ਕਾਰਨ ਖੁਦਕੁਸ਼ੀ ਕਰ ਲਈ ਸੀ। ਜਗਨ ਮੋਹਨ ਉਨ੍ਹਾਂ ਦੇ ਸਮਰਥਨ ਵਿੱਚ ਰੋਡ ਸ਼ੋਅ ਕਰ ਰਿਹੇ ਸਨ। ਇਹ ਹਾਦਸਾ ਉਸ ਸਮੇਂ ਹੋਇਆ ਜਦੋਂ ਕਾਫਲਾ ਏਤੂਕੂਰੂ ਬਾਈਪਾਸ ਤੋਂ ਲੰਘ ਰਿਹਾ ਸੀ।

ਐੱਸਪੀ ਸਤੀਸ਼ ਕੁਮਾਰ ਨੇ 18 ਜੂਨ ਦੀ ਸ਼ਾਮ ਨੂੰ ਇੱਕ ਪ੍ਰੈੱਸ ਕਾਨਫਰੰਸ ਵਿੱਚ ਦੱਸਿਆ ਸੀ ਕਿ ਸਿੰਘਈਆ ਕਾਫਲੇ 'ਤੇ ਫੁੱਲ ਸੁੱਟਦੇ ਸਮੇਂ ਡਿੱਗ ਪਏ ਅਤੇ ਇੱਕ ਕਾਰ ਨਾਲ ਟਕਰਾ ਗਏ। ਕਾਰਾਂ ਬਿਨ੍ਹਾਂ ਰੁਕੇ ਅੱਗੇ ਵਧੀਆਂ। ਹਾਈਵੇਅ ਪੈਟਰੋਲਿੰਗ ਪੁਲਿਸ ਉਸਨੂੰ ਹਸਪਤਾਲ ਲੈ ਗਈ, ਜਿੱਥੇ ਉਸਨੂੰ ਮ੍ਰਿਤਕ ਐਲਾਨ ਦਿੱਤਾ ਗਿਆ। ਪਹਿਲਾਂ, ਪੁਲਿਸ ਨੇ ਕਿਹਾ ਸੀ ਕਿ ਹਾਦਸਾ ਜਗਨ ਦੀ ਕਾਰ ਕਾਰਨ ਨਹੀਂ ਹੋਇਆ ਸੀ।

## ਰਾਜਿਸਥਾਨ ਵਿੱਚ ਸੜਕ ਹਾਦਸੇ ’ਚ 2 ਭਰਾਵਾਂ ਸਮੇਤ 3 ਲੋਕਾਂ ਦੀ ਮੌਤ

ਬਾੜਮੇਰ, 23 ਜੂਨ (ਪੋਸਟ ਬਿਊਰੋ): ਬਾੜਮੇਰ ਵਿੱਚ ਰਾਸ਼ਟਰੀ ਰਾਜਮਾਰਗ-68 'ਤੇ ਇੱਕ ਟ੍ਰੇਲਰ ਅਤੇ ਇੱਕ ਟੈਂਪੋ ਵਿਚਕਾਰ ਭਿਆਨਕ ਟੱਕਰ ਹੋ ਗਈ। ਇਸ ਹਾਦਸੇ ਵਿੱਚ ਟੈਂਪੋ ਵਿੱਚ ਸਵਾਰ 2 ਚਚੇਰੇ ਭਰਾਵਾਂ ਸਮੇਤ 3 ਲੋਕਾਂ ਦੀ ਮੌਤ ਹੋ ਗਈ। ਹਾਦਸਾ ਇੰਨਾ ਭਿਆਨਕ ਸੀ ਕਿ 2 ਲੋਕਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਅਤੇ ਤੀਜੇ ਦੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਹਾਦਸੇ ਵਿੱਚ 3 ਲੋਕ ਗੰਭੀਰ ਜ਼ਖਮੀ ਹੋ ਗਏ।

ਟੱਕਰ ਇੰਨੀ ਜ਼ਬਰਦਸਤ ਸੀ ਕਿ ਟੈਂਪੋ ਚਕਨਾਚੂਰ ਹੋ ਗਿਆ। ਇਸਦਾ ਅਗਲਾ ਹਿੱਸਾ ਪੂਰੀ ਤਰ੍ਹਾਂ ਕੁਚਲਿਆ ਗਿਆ ਅਤੇ ਪਿਛਲਾ ਹਿੱਸਾ ਲਗਭਗ 100 ਫੁੱਟ ਦੂਰ ਡਿੱਗ ਗਿਆ। ਇਹ ਘਟਨਾ ਬਾੜਮੇਰ ਜ਼ਿਲ੍ਹੇ ਦੇ ਗੁੜਾਮਾਲਾਨੀ ਥਾਣਾ ਖੇਤਰ ਦੀ ਹੈ।

ਗੁੜਾਮਾਲਾਨੀ ਪੁਲਿਸ ਥਾਣੇ ਦੇ ਅਧਿਕਾਰੀ ਦੇਵੀ ਚੰਦ ਢਾਕਾ ਨੇ ਦੱਸਿਆ ਕਿ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਐਤਵਾਰ ਰਾਤ ਲਗਭਗ 9:30 ਵਜੇ ਗਾਂਧਵ ਵਿਖੇ ਰਾਸ਼ਟਰੀ ਰਾਜਮਾਰਗ-68 'ਤੇ ਯਾਤਰੀਆਂ ਨਾਲ ਭਰੇ ਇੱਕ ਟੈਂਪੋ ਨੂੰ



ਇੱਕ ਟ੍ਰੇਲਰ ਨੇ ਟੱਕਰ ਮਾਰ ਦਿੱਤੀ। ਜਿਸ 'ਤੇ ਗੁੜਾਮਾਲਾਨੀ ਪੁਲਿਸ ਮੌਕੇ 'ਤੇ ਪਹੁੰਚੀ। ਟੈਂਪੂ ਵਿੱਚ ਸਵਾਰ ਲੋਕ ਆਪਣਾ ਕੇਟਰਿੰਗ ਦਾ ਕੰਮ ਖਤਮ ਕਰਕੇ ਘਰ ਵਾਪਿਸ ਆ ਰਹੇ ਸਨ, ਜਦੋਂ ਇਹ ਹਾਦਸਾ ਵਾਪਰਿਆ। ਗੰਭੀਰ ਰੂਪ ਵਿੱਚ ਜ਼ਖਮੀ 3 ਲੋਕਾਂ ਨੂੰ ਸਾਂਚੋਰ ਪ੍ਰਾਈਵੇਟ ਹਸਪਤਾਲ ਲਿਜਾਇਆ ਗਿਆ। 1 ਨੌਜਵਾਨ ਦੀ ਹਾਲਤ ਨਾਜ਼ੁਕ ਹੋਣ ਕਾਰਨ ਉਸਨੂੰ ਪਾਲਨਪੁਰ ਰੈਫਰ ਕਰ ਦਿੱਤਾ ਗਿਆ। ਹਾਦਸੇ ਵਿੱਚ 2 ਚਚੇਰੇ ਭਰਾਵਾਂ ਦੀ ਮੌਤ ਹੋ ਗਈ।

ਪੁਲਿਸ ਅਧਿਕਾਰੀ ਢਾਕਾ ਨੇ ਕਿਹਾ ਕਿ ਰਾਮਾਰਾਮ (19) ਪੁੱਤਰ ਦਾਨਾਰਾਮ, ਵਾਸੀ ਗੁੜਾਮਾਲਾਨੀ ਪਿਪਰਾਲੀ ਪਿੰਡ, ਉਸਦਾ ਚਚੇਰਾ ਭਰਾ ਦਿਨੇਸ਼ ਪੁੱਤਰ ਚੁਨਾਰਾਮ, ਅਸ਼ੋਕ ਪੁੱਤਰ ਜੇਠਾਰਾਮ, ਗਣਪਤ, ਇਹ ਸਾਰੇ ਸਾਂਚੋਰ ਵਿੱਚ ਆਪਣਾ ਕੇਟਰਿੰਗ ਦਾ ਕੰਮ ਖਤਮ ਕਰਕੇ ਆਪਣੇ ਪਿੰਡ ਵਾਪਿਸ ਆ ਰਹੇ ਸਨ। ਇਹ ਚਾਰੇ ਇੱਕ ਯਾਤਰੀ ਟੈਂਪੂ ਵਿੱਚ ਬੈਠੇ ਸਨ। ਲਾਲ ਸਿੰਘ ਪੁੱਤਰ ਭੈਰ ਸਿੰਘ ਵਾਸੀ ਭਾਪਰੀ, ਜਲੋਰ ਅਤੇ ਰਾਮਾਰਾਮ ਪੁੱਤਰ ਘਮੰਡਰਾਮ ਖਰਵਾਨ ਗੁਡਾਮਾਲਾਨੀ ਵੀ ਉਨ੍ਹਾਂ ਦੇ ਨਾਲ ਯਾਤਰਾ ਕਰ ਰਹੇ ਸਨ। ਇਸ ਦੌਰਾਨ, ਨੈਸ਼ਨਲ ਹਾਈਵੇ-68 'ਤੇ ਗੰਧਵ ਪਿੰਡ ਵਿੱਚ ਸਾਹਮਣੇ ਤੋਂ ਆ ਰਹੇ ਇੱਕ ਟ੍ਰੇਲਰ ਨੇ ਟੈਂਪੂ ਨੂੰ ਟੱਕਰ ਮਾਰ ਦਿੱਤੀ। ਇਸ ਤੋਂ ਬਾਅਦ ਡਰਾਈਵਰ ਟ੍ਰੇਲਰ ਲੈ ਕੇ ਭੱਜ ਗਿਆ। ਸੂਚਨਾ ਮਿਲਣ 'ਤੇ ਪੁਲਿਸ ਮੌਕੇ 'ਤੇ ਪਹੁੰਚੀ। ਟ੍ਰੇਲਰ ਦਾ ਪਿੱਛਾ ਕਰਕੇ ਡਰਾਈਵਰ ਅਤੇ ਟ੍ਰੇਲਰ ਨੂੰ ਫੜ੍ਹ ਲਿਆ ਗਿਆ।

## ਸੀਰੀਆ ਦੀ ਚਰਚ ਵਿੱਚ ਆਤਮਘਾਤੀ ਹਮਲਾ ’ਚ 22 ਮੌਤਾਂ, 63 ਜ਼ਖਮੀ



ਦਮਿਸ਼ਕ, 23 ਜੂਨ (ਪੋਸਟ ਬਿਊਰੋ): ਸੀਰੀਆ ਦੀ ਰਾਜਧਾਨੀ ਦਮਿਸ਼ਕ ਵਿੱਚ ਐਤਵਾਰ ਰਾਤ ਨੂੰ ਇੱਕ ਭਿਆਨਕ ਆਤਮਘਾਤੀ ਹਮਲੇ ਵਿੱਚ ਘੱਟੋ-ਘੱਟ 22 ਲੋਕ ਮਾਰੇ ਗਏ ਅਤੇ 63 ਜ਼ਖਮੀ ਹੋ ਗਏ। ਇਹ ਹਮਲਾ ਗ੍ਰੀਕ ਆਰਥੋਡਾਕਸ ਸੇਂਟ ਇਲਿਆਸ ਚਰਚ ਵਿੱਚ ਉਸ ਸਮੇਂ ਹੋਇਆ ਜਦੋਂ ਦਰਜਨਾਂ ਲੋਕ ਪ੍ਰਾਰਥਨਾ ਵਿੱਚ ਸ਼ਾਮਿਲ ਹੋ ਰਹੇ ਸਨ। ਇਹ ਘਟਨਾ ਉਦੋਂ ਵਾਪਰੀ ਜਦੋਂ ਇਸਲਾਮਿਕ ਸਟੇਟ ਨਾਲ ਸਬੰਧਤ ਇੱਕ ਅੱਤਵਾਦੀ ਚਰਚ ਵਿੱਚ ਦਾਖਲ ਹੋਇਆ, ਪਹਿਲਾਂ ਗੋਲੀਬਾਰੀ ਕੀਤੀ ਅਤੇ ਫਿਰ ਆਪਣੇ ਆਪ ਨੂੰ ਉਡਾ ਲਿਆ।

ਇਹ ਹਮਲਾ ਐਤਵਾਰ ਰਾਤ ਨੂੰ ਹੋਇਆ। ਚਸ਼ਮਦੀਦਾਂ ਅਨੁਸਾਰ, ਹਮਲਾਵਰ ਦੇ ਨਾਲ ਇੱਕ ਹੋਰ ਬੰਦੂਕਧਾਰੀ ਵੀ ਸੀ, ਉਸਨੇ ਭੀੜ 'ਤੇ ਗੋਲੀਬਾਰੀ ਵੀ ਕੀਤੀ ਪਰ ਉਸਨੇ ਧਮਾਕਾ ਨਹੀਂ ਕੀਤਾ। ਉਸ ਸਮੇਂ ਚਰਚ ਵਿੱਚ ਲਗਭਗ 150 ਤੋਂ 350 ਲੋਕ ਮੌਜੂਦ ਸਨ। ਧਮਾਕੇ ਕਾਰਨ ਅੰਦਰਲੇ ਬੈਂਚ ਚਕਨਾਚੂਰ ਹੋ ਗਏ।

ਸੀਰੀਆਈ ਸੁਰੱਖਿਆ ਬਲ ਹਮਲੇ ਦੀ ਜਾਂਚ ਕਰ ਰਹੇ ਹਨ ਅਤੇ ਚਰਚ ਖੇਤਰ ਨੂੰ ਘੇਰ ਲਿਆ ਗਿਆ ਹੈ। ਸਰਕਾਰ ਨੇ ਇਹ ਵੀ ਕਿਹਾ ਕਿ ਧਾਰਮਿਕ ਘੱਟ ਗਿਣਤੀਆਂ ਦੀ ਸੁਰੱਖਿਆ ਯਕੀਨੀ ਬਣਾਈ ਜਾਵੇਗੀ। ਨਵੀਂ ਸਰਕਾਰ (ਹਯਾਤ ਤਹਿਰੀਰ ਅਲ-ਸ਼ਾਮ) ਦੇ ਸਾਬਕਾ ਇਸਲਾਮੀ ਬਾਗ਼ੀ ਆਗੂਆਂ ਦੁਆਰਾ ਚਲਾਈ ਜਾ ਰਹੀ ਹੈ, ਜੋ ਪਹਿਲਾਂ ਵੀ ਆਈ ਐੱਸ ਵਿਰੁੱਧ ਲੜ ਚੁੱਕੇ ਹਨ।

PURBA APPRAISALS INC.

WE PROVIDE RESIDENTIAL REAL ESTATE APPRAISAL SERVICES FOR:



- Mortgage Financing
- Tax/Capital Gain
- Divorce/Separation of Assets
- Litigation Support
- Pre-listing Appraisals

Gurpreet Purba
Broker, CRA

416-669-1423
www.purbahomes.com

## Urgently Need New Listings in Brampton/Caledon

visit: www.teamjagaujla.com



Call **JAG AUJLA**
MCNE, REAL ESTATE BROKER
DIR: 416-371-7777
j.aujla@rogers.com www.jagaujla.com
Follow Us:

## CALL JAG FOR A QUICK & FREE HOME EVALUATION

www BramptonTopRealtor.com www BramptonTopAgent.com

## URGENTLY NEED NEW LISTINGS IN THIS AREA

## RECENTLY LISTED/SOLD IN YOUR NEIGHBOURHOOD BY JAG AUJLA

### NEW Listing in *BRAMPTON*
James Potter/Queen/Bonnie Brae

Approx. 3000–3500 sq.ft. ਡਿਟੈਚਡ ਹਾਊਸ, 5+2 ਬੈਡਰੂਮ+Office+ 5 ਵਾਸ਼ਰੂਮ, 2 ਬੈਡਰੂਮ ਫਿਨੀਸ਼ਡ Lookout ਬੇਸਮੇਂਟ, 6 ਕਾਰ ਪਾਰਕਿੰਗ। No ਕਾਰਪੇਟ। Double Door Entry, ਕੀੱਚਨ with Granite ਕਾਊਂਟਰਟੋਪ। Oak staircase, ਮਾਸਟਰ ਬੈਡਰੂਮ with 5–ਪੀਸ ਇਨਸੂਇਟ, All Bdrms connected to Wash Rms.

### NEW Listing in *BRAMPTON*
Creditview Rd & Queen St

Approx. 2000 sq.ft. ਟਾਊਨ–ਹਾਊਸ, 4 ਬੈਡਰੂਮ, 3 ਵਾਸ਼ਰੂਮ, 2 ਕਾਰ ਪਾਰਕਿੰਗ। No ਕਾਰਪੇਟ। Eat-in ਕੀੱਚਨ with Granite ਕਾਊਂਟਰਟੋਪ with S/S Appliances. ਮਾਸਟਰ ਬੈਡਰੂਮ with Walk-in ਕਲੋਜਿਟ। Spacious Living Rm & Bed Rms, Laundary on 2nd ਫਲੋਰ। Close to Hwy 407 & 401.

### FOR RENT in *BRAMPTON*
Castlemore/The Gore Rd/Cottrelle

2000 sq.ft. ਸੈਮੀ–ਡਿਟੈਚਡ ਹਾਊਸ 4 ਬੈਡਰੂਮ + 3 ਵਾਸ਼ਰੂਮ, Hardwood Floor, ਮਾਸਟਰ ਬੈਡਰੂਮ with 4–ਪੀਸ ਇਨਸੂਇਟ, Walk-in ਕਲੋਜਿਟ। Oak staircase, No ਕਾਰਪੇਟ। Eat-in ਕੀੱਚਨ with S/S appliances. 3 ਕਾਰ ਪਾਰਕਿੰਗ। Close to Asian Food Plaza, buses, hwy's & more.

### FOR RENT in *BRAMPTON*
Castlemore/Humberwest/Airport

1600sq.ft. ਸੈਮੀ–ਡਿਟੈਚਡ ਹਾਊਸ, 3 ਬੈਡਰੂਮ + 3 ਵਾਸ਼ਰੂਮ, 3 ਕਾਰ ਪਾਰਕਿੰਗ, Hardwood Floor, Oak staircase, No ਕਾਰਪੇਟ। Eat-in ਕੀੱਚਨ with S/S appliances. Laundary on 2nd ਫਲੋਰ। Close to Buses, Plaza, School & Amenties.

### NEW Listing in *MISSISSAUGA*
Hurontario St/Eglington Ave/Nahani Way

700–799 sq.ft. ਅਪਾਰਟਮੈਂਟ, 2 ਬੈਡਰੂਮ +2 ਵਾਸ਼ਰੂਮ, 9ft. ceiling, Modern ਕੀੱਚਨ, New ਲੈਂਮੀਨੇਟ ਫਲੋ, 1 Underground ਪਾਰਕਿੰਗ, ਸਾਰੀਆਂ ਸਹੂਲਤਾਂ ਦੇ ਕੋਲ। Close to Hwy 401 & 403. Close to Square One Mall, Hospital, Plazas, Restaurants, Public Transits, Schools & more.

### NEW Listing in *MISSISSAUGA*
Ridgeway Dr./The Collegeway

1200–1399 sq.ft. ਟਾਊਨ–ਹਾਊਸ, 2 ਬੈਡਰੂਮ + 3 ਵਾਸ਼ਰੂਮ, 1 Underground ਪਾਰਕਿੰਗ + Huge Rooftop Patio, ਮਾਸਟਰ ਬੈਡਰੂਮ with 4–ਪੀਸ ਇਨਸੂਇਟ ਅਤੇ Walk-in ਕਲੋਜਿਟ, Eat-in ਕੀੱਚਨ with Quartz ਕਾਊਂਟਰਟੋਪ। Stainless Steel Appl. Close to Major Hwy 403 , 407,401 & QEW.

### FOR RENT in *TORONTO*
Dundas St./Church St.

665sq.ft. Brand-New ਅਪਾਰਟਮੈਂਟ, 2 ਬੈਡਰੂਮ + 2 ਵਾਸ਼ਰੂਮ (Spa inspired), Modern ਕੀੱਚਨ, *Unbeatable location* Steps to Yonge-Dundas Square, Eaton Centre, and Toronto Metropolitan University, Bus stop at door step.

## FREE

- ✓ Full MLS Services
- ✓ Consistently Marketing Your Property Until SOLD
- ✓ Competitive Rates, Exceptional Service & Award Winning Results
- ✓ Staging Consultation
- ✓ Billboard, Flyer, Newspaper
- ✓ Online Promotion
- ✓ Professional Pictures and Virtual Tour
- ✓ Social media & Radio Advertisement
- ✓ Open House Until Sold

RE/MAX Realty Specialists Inc. Brokerage (Independently Owned and Operated)
Off: 905-456-3232
*(Based on units sold & commissions)** *Some Conditions Apply.
*Seller* & Jag Aujla Broker of Re/max Realty Specialist Inc. must agree on the terms & conditions, closing date and listing price at the time of listing. Guaranteed Program only for Peel Region Homes Under $1 Million Price

Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT



The Mortgage Centre
We work for you, not the lenders.




Debt Consolidation | Renovations & Repairs | Avoiding High penalities

No Credit or becon score check.
No income verification.
Interest payments only.
Pay off high interest debts.
75%-80% LTV.

Must have home equity.....

if you are looking for independent mortgage or protection advice....
We're here to help.
* Competitive rates
* Flexible terms
* Fast approval process

For more information call:
Jaspal Gahunia (Lic. M08006400)
Direct: 416-677-0047
Office: 416-674-7050
Email: paulpaul202@yahoo.ca
Office - Unit 201-19 Woodbine Downs Blvd, Etobicoke, ON M9W 6N5
-4040 Steeles Avenue West Unit#5 Woodbridge, ON, L4L 4Y5

**Rexdale Financial Services**






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

**SERVING FROM ALL LOCATIONS IN GTA AREA:**

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017